


ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਸ਼ੁੱਕਰਵਾਰ, 13 ਦਸੰਬਰ 2024

Email:- lokbani08@gmail.com




R. N. I. Punpun/29016/2008 ✶ ਸਾਲ 16 , ✶ ਅੰਕ : 123, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181–2211009 ✶ M : 99155-94111




## ਅਫਗਾਨਿਸਤਾਨ ਚ ਆਤਮਘਾਤੀ ਬੰਬ ਧਮਾਕੇ ਵਿਚ ਇਕ ਮੰਤਰੀ ਸਣੇ ਤਿੰਨ ਹਲਾਕ

**ਇਸਲਾਮਾਬਾਦ ਲੋਕ ਬਾਣੀ** - ਅਫਗਾਨਿਸਤਾਨ ਦੀ ਰਾਜਧਾਨੀ ਕਾਬੁਲ ਵਿੱਚ ਅੱਜ ਆਤਮਘਾਤੀ ਬੰਬ ਧਮਾਕੇ ਵਿੱਚ ਤਾਲਿਬਾਨ ਸਰਕਾਰ ਵਿੱਚ ਸ਼ਰਨਾਰਥੀ ਮਾਮਲਿਆਂ ਬਾਰੇ ਮੰਤਰੀ ਅਤੇ ਦੋ ਹੋਰਾਂ ਦੀ ਮੌਤ ਹੋ ਗਈ। ਅਧਿਕਾਰੀਆਂ ਨੇ ਦੱਸਿਆ ਕਿ ਮੰਤਰਾਲੇ ਦੇ ਅੰਦਰ ਹੋਏ ਧਮਾਕੇ ਵਿੱਚ ਸ਼ਰਨਾਰਥੀ ਮਾਮਲਿਆਂ ਬਾਰੇ ਮੰਤਰੀ ਖਲੀਲ ਹੱਕਾਨੀ ਦੀ ਮੌਤ ਹੋਈ ਹੈ। ਖਲੀਲ ਹੱਕਾਨੀ ਤਾਲਿਬਾਨ ਸਰਕਾਰ ਵਿੱਚ ਕਾਰਜਕਾਰੀ ਗ੍ਰਹਿ ਮੰਤਰੀ ਸਿਰਾਜੁਦੀਨ ਹੱਕਾਨੀ ਦਾ



ਕਰੀਬੀ ਰਿਸ਼ਤੇਦਾਰ ਸੀ। ਸਿਰਾਜੁਦੀਨ ਤਾਲਿਬਾਨ ਅੰਦਰ ਸ਼ਕਤੀਸ਼ਾਲੀ ਨੈੱਟਵਰਕ ਦੀ ਅਗਵਾਈ ਕਰਦਾ ਹੈ।

## ਸੁਪਰੀਮ ਕੋਰਟ ਨੇ ਸਾਰੇ ਸੂਬਿਆਂ ਨੂੰ ਪਟਾਕਿਆਂ ਤੇ ਪੂਰਨ ਤੌਰ ਤੇ ਪਾਬੰਦੀ ਲਾਉਣ ਦਾ ਫੈਸਲਾ ਲੈਣ ਲਈ ਕਿਹਾ

**ਨਵੀਂ ਦਿੱਲੀ, ਲੋਕ ਬਾਣੀ**- ਦੇਸ਼ ਦੀ ਸਰਵਉਚ ਅਦਾਲਤ ਨੇ ਵਧ ਰਹੇ ਪ੍ਰਦੂਸ਼ਣ ਦੇ ਮੱਦੇਨਜ਼ਰ ਦਿੱਲੀ ਕੌਮੀ ਰਾਜਧਾਨੀ ਖੇਤਰ (ਐਨਸੀਆਰ) ਦੇ ਸੂਬਿਆਂ ਨੂੰ ਸਾਲ ਭਰ ਪਟਾਕਿਆਂ ਦੀ ਵਰਤੋਂ ’ਤੇ ਪਾਬੰਦੀ ਲਾਉਣ ਬਾਰੇ ਅੰਤਿਮ ਫੈਸਲਾ ਲੈਣ ਲਈ ਕਿਹਾ ਹੈ।



ਜਸਟਿਸ ਅਭੈ ਐਸ ਓਕਾ ਅਤੇ ਆਗਸਟੀਨ ਜਾਰਜ ਮਸੀਹ ਦੇ ਬੈਂਚ ਨੇ ਦਿੱਲੀ ਸਰਕਾਰ ਅਤੇ ਹੋਰ ਐਨਸੀਆਰ ਸੂਬਿਆਂ ਹਰਿਆਣਾ, ਉੱਤਰ ਪ੍ਰਦੇਸ਼ ਅਤੇ ਰਾਜਸਥਾਨ ਨੂੰ ਆਪਣੇ ਫੈਸਲੇ ਬਾਰੇ ਸੁਪਰੀਮ ਕੋਰਟ ਨੂੰ ਦੱਸਣ ਲਈ ਕਿਹਾ ਹੈ ਤਾਂ ਕਿ ਸਾਰਾ ਕੁਝ ਰਿਕਾਰਡ ’ਤੇ ਲਿਆਂਦਾ ਜਾ ਸਕੇ। ਬੈਂਚ ਨੇ ਕਿਹਾ ਕਿ ਹਵਾ ਪ੍ਰਦੂਸ਼ਣ ਨੂੰ ਰੋਕਣ ਲਈ ਹੀ ਨਹੀਂ ਬਲਕਿ ਆਵਾਜ਼ ਪ੍ਰਦੂਸ਼ਣ ਨੂੰ ਵੀ ਰੋਕਣ ਲਈ ਪਾਬੰਦੀ ਲਾਉਣ ਦੀ ਲੋੜ ਹੈ।

## ਕਸ਼ਮੀਰ ਦੇ ਮੈਦਾਨੀ ਇਲਾਕਿਆਂ ਵਿਚ ਹੋਈ ਬਰਫਬਾਰੀ

**ਨਵੀਂ ਦਿੱਲੀ, ਲੋਕ ਬਾਣੀ**-:ਕਸ਼ਮੀਰ ਦੇ ਮੈਦਾਨੀ ਇਲਾਕਿਆਂ ’ਚ ਅੱਜ ਇਸ ਸੀਜ਼ਨ ਦੀ ਪਹਿਲੀ ਬਰਫ਼ਬਾਰੀ ਹੋਈ। ਦੂਜੇ ਪਾਸੇ ਪੰਜਾਬ, ਹਰਿਆਣਾ, ਹਿਮਾਚਲ ਅਤੇ ਦਿੱਲੀ ਵਿੱਚ ਠੰਢ ਵੱਧ ਗਈ ਹੈ ਜਦਕਿ ਦੱਖਣੀ ਭਾਰਤ ਦੇ ਕੁਝ ਹਿੱਸਿਆਂ ਵਿੱਚ ਮੀਂਹ ਪਿਆ।

ਜੰਮੂ–ਕਸ਼ਮੀਰ ਦੀ ਗਰਮੀਆਂ ਦੀ ਰਾਜਧਾਨੀ ਸ੍ਰੀਨਗਰ ’ਚ ਅੱਜ ਬਰਫਬਾਰੀ ਨਹੀਂ ਹੋਈ ਪਰ ਸ਼ੋਪੀਆਂ, ਪੁਲਵਾਮਾ ਅਤੇ ਬਾਰਾਮੂਲਾ ਦੇ ਮੈਦਾਨੀ ਇਲਾਕਿਆਂ ਦੇ ਨਾਲ–ਨਾਲ ਅਨੰਤਨਾਗ, ਬਡਗਾਮ



ਅਤੇ ਬਾਂਦੀਪੋਰਾ ਦੇ ਉਪਰਲੇ ਇਲਾਕਿਆਂ ’ਚ ਹਲਕੀ ਬਰਫਬਾਰੀ ਹੋਈ। ਗੁਲਮਰਗ, ਸੋਨਮਰਗ, ਤੰਗਮਾਰਗ, ਗੁਰੇਜ਼ ਅਤੇ ਜ਼ੋਜਿਲਾ ਦੱਰੇ ਦੇ ਸੈਲਾਨੀ ਖੇਤਰਾਂ ਵਿੱਚ ਹਲਕੀ ਤੋਂ ਦਰਮਿਆਨੀ ਬਰਫ਼ਬਾਰੀ ਹੋਈ।

## ਮੋਦੀ ਨੂੰ ਡੱਲੇਵਾਲ ਨੇ ਲਿਖੀ ਚਿੱਠੀ ਖ਼ੂਨ ਨਾਲ ਕੀਤੇ ਦਸਤਖ਼ਤ

**ਚੰਡੀਗੜ੍ਹ, ਵਿਨੋਦ ਸ਼ਰਮਾ**-ਦਿੱਲੀ ਸੰਗਰੂਰ ਕੌਮੀ ਮੁੱਖ ਮਾਰਗ ’ਤੇ ਪਿੰਡ ਢਾਬੀ ਗੁਜਰਾਂ ‘ਤੇ ਕੇਂਦਰ ਸਰਕਾਰ ਵੱਲੋਂ ਮੰਨੀਆਂ ਮੰਗਾਂ ਨੂੰ ਲਾਗੂ ਕਰਵਾਉਣ ਲਈ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦਾ ਮਰਨ ਵਰਤ ਅੱਜ 17ਵੇਂ ਦਿਨ ਵੀ ਜਾਰੀ ਰਿਹਾ। ਉਨ੍ਹਾਂ ਦੀ ਹਾਲਤ ਚਿੰਤਾਜਨਕ ਬਣੀ ਹੋਈ ਹੈ। ਇਸ ਦੌਰਾਨ ਅਮਰੀਕਾ ਤੋਂ ਆਏ ਕੈਂਸਰ ਸਪੈਸ਼ਲਿਸਟ ਕਰਨ ਜਗਵਾਨੀ ਨੇ ਚੈੱਕਅੱਪ ਕੀਤਾ।



ਬਾਰਡਰ ਤੋਂ ਪ੍ਰਧਾਨ ਮੰਤਰੀ ਦਾ ਨਾਂ ’ਤੇ ਪਹਿਲੀ ਤੇ ਆਖਰੀ ਚਿੱਠੀ ਲਿਖੀ ਗਈ ਜਿਸ ਉੱਤੇ ਕਿਸਾਨ ਆਗੂ ਡੱਲੇਵਾਲ ਨੇ ਖ਼ੂਨ ਨਾਲ ਦਸਤਖਤ ਕੀਤੇ ਹਨ।

## ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਦਾ ਕਿਸਾਨਾਂ ਦੇ ਹੱਕ ਵਿੱਚ ਆਈਆਂ ਬਿਆਨ

**ਅਮ੍ਰਿਤਸਰ, ਲੋਕ ਬਾਣੀ**- ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਕਿਸਾਨੀ ਹੱਕਾਂ ਪ੍ਰਤੀ ਸਰਕਾਰਾਂ ਦੀ ਬੇਰੁਖੀ ਅਤੇ ਅੜੀਅਲ ਰਵੱਈਏ ਖ਼ਿਲਾਫ਼ ਮਰਨ ਵਰਤ ਤੇ ਬੈਠੇ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੇ ਪ੍ਰਧਾਨ ਸ. ਜਗਜੀਤ ਸਿੰਘ ਡੱਲੇਵਾਲ ਦੀ ਗੰਭੀਰ ਹੋ ਰਹੀ ਸਿਹਤ ਨੂੰ ਬੇਹੱਦ ਚਿੰਤਾਜਨਕ ਕਰਾਰ ਦਿੱਤਾ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਤੋਂ ਜਾਰੀ ਲਿਖਤੀ ਬਿਆਨ ਵਿਚ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਆਖਿਆ ਕਿ ਬੇਸ਼ੱਕ ਮਰਨ ਵਰਤ ਅਤੇ ਭੁੱਖ ਹੜਤਾਲ ਵਰਗਾ ਸਿੱਖ ਪ੍ਰੰਪਰਾ ਵਿਚ ਕੋਈ ਸੰਕਲਪ



ਨਹੀਂ ਹੈ ਪਰ ਇਕ ਜਮਹੂਰੀਅਤ ਸਰਕਾਰ ਲਈ ਇਹ ਬੇਹੱਦ ਸ਼ਰਮਨਾਕ ਹੈ

## ਕੇਰਲ ਵਿੱਚ ਵਾਪਰੀਆਂ ਸੜਕ ਹਾਦਸਾ ਚਾਰ ਸਕੂਲੀ ਵਿਦਿਆਰਥੀਆਂ ਦੀ ਹੋਈ ਮੌਤ

**ਪਲੱਕੜ (ਕੇਰਲ), 12 ਦਸੰਬਰ**- ਪਲੱਕੜ ਜ਼ਿਲ੍ਹੇ ਦੇ ਕਾਲਾਦੀਕੋਂਡੇ ਚ ਇਕ ਲਾਰੀ ਦੀ ਲਪੇਟ ਚ ਆਉਣ ਨਾਲ ਚਾਰ ਸਕੂਲੀ ਵਿਦਿਆਰਥੀਆਂ ਦੀ ਮੌਤ ਹੋ ਗਈ। ਇਕ ਜ਼ਖਮੀ ਹੋ ਗਿਆ। ਲਾਰੀ ਸੀਮੈਂਟ ਲੈ ਕੇ ਮੰਨਰਕੜ ਵਾਲੇ ਪਾਸੇ ਜਾ ਰਹੀ ਸੀ। ਸਾਰੇ ਜ਼ਖਮੀਆਂ ਨੂੰ ਐਮਰਜੈਂਸੀ ਇਲਾਜ ਮੁਹੱਈਆ ਕਰਵਾਉਣ ਲਈ ਸਰਕਾਰ



ਤਾਲਮੇਲ ਨਾਲ ਕੰਮ ਕਰੇਗੀ। ਹਾਦਸੇ ਦੀ ਵਿਸਥਾਰ ਨਾਲ ਜਾਂਚ ਕੀਤੀ ਜਾਵੇਗੀ ਅਤੇ ਲੋੜੀਂਦੇ ਕਦਮ ਚੁੱਕੇ ਜਾਣਗੇ।

## ਪੰਜਾਬ ਵਿੱਚ ਪ੍ਰੇਮੀ ਨੇ ਪ੍ਰੇਮੀਕਾ ਦੇ ਮਾਂ ਪਿਓ ਦਾ ਕੀਤਾ ਕਤਲ

**ਲੁਧਿਆਣਾ, ਸੁਖਚੈਨ ਮਹਿਰਾ**- ਜਗਰਾਉਂ ਸ਼ਹਿਰ ਦੇ ਸੁਭਾਸ਼ ਗੇਟ ਨੇੜੇ ਰਹਿਣ ਵਾਲੇ ਸੰਜੀਵ ਸ਼ਰਮਾ (52) ਨਾਂ ਦੇ ਵਿਅਕਤੀ ਦਾ ਲੋਹੇ ਦੀ ਰਾਡ ਨਾਲ ਕੁੱਟ–ਕੁੱਟ ਕੇ ਕਤਲ ਕਰ ਦਿੱਤਾ ਗਿਆ। ਦੋਸ਼ੀ ਕੋਈ ਹੋਰ ਨਹੀਂ ਸਗੋਂ ਨਾਮੀ ਜੈਨ ਪਰਿਵਾਰ ਦਾ ਇਕਲੌਤਾ ਪੁੱਤਰ ਰਿਸ਼ਵ ਜੈਨ ਹੈ ਜੋ ਕਿ ਰਾਕੇਸ਼ ਕੁਮਾਰ ਜੈਨ ਦਾ ਪੁੱਤਰ ਹੈ। ਦੋਸ਼ੀ ਖਿਲਾਫ ਥਾਣਾ ਸਿਟੀ ਚ ਕਤਲ ਦਾ ਮਾਮਲਾ ਦਰਜ ਕੀਤਾ



ਗਿਆ ਹੈ। ਕਤਲ ਦਾ ਕਾਰਨ ਬੀਤੀ ਰਾਤ ਦੋਵਾਂ ਪਰਿਵਾਰਾਂ ਵਿਚ ਨਾਜਾਇਜ਼ ਸਬੰਧਾਂ ਨੂੰ ਲੈ ਕੇ ਪੈਦਾ ਹੋਏ ਸ਼ੱਕ ਨੂੰ ਦੱਸਿਆ ਜਾ ਰਿਹਾ ਹੈ।

## ਸਹਿਕਾਰੀ ਸਭਾ ਦੀ ਚੋਣਾ ਦੇ ਕਾਗਜ਼ ਰੱਦ ਹੋਣ ਦੇ ਸਬੰਧ ਚ ਦਿੱਤਾ ਧਰਨਾ

**ਲੁਧਿਆਣਾ, ਸੁਖਚੈਨ ਮਹਿਰਾ**-ਤਾਜਪੁਰ ਵਿਖੇ ਹੋਣ ਵਾਲੀ ਪਿੰਡ ਦੀ ਬਹੁਮੰਤਵੀ ਸਹਿਕਾਰੀ ਸਭਾ ਦੀ ਚੋਣ ਲਈ ਵਿਰੋਧੀ ਧਿਰ ਦੇ ਸਾਰੇ ਉਮੀਦਵਾਰਾਂ ਦੇ ਕਾਗਜ਼ ਰੱਦ ਕਰਨ ਦੇ ਵਿਰੋਧ ਵਿਚ ਧਰਨਾ ਦੇ ਰਹੇ ਉਮੀਦਵਾਰਾਂ ਅਤੇ ਪਿੰਡ ਵਾਸੀਆਂ ਨੂੰ ਪੁਲਿਸ ਨੇ ਜਬਰੀ ਧਰਨੇ ਤੋਂ ਉਠਾ ਦਿੱਤਾ, ਜਿਸ ਕਾਰਨ ਪੁਲਿਸ ਨੂੰ ਸਖਤੀ ਵਰਤਣੀ ਪਈ। ਧਰਨਾ ਦੇ ਰਹੇ ਵਿਅਕਤੀਆਂ ਨੇ ਦੱਸਿਆ ਕਿ ਪੁਲਿਸ ਨੇ ਉਨ੍ਹਾਂ ਤੇ ਲਾਠੀਚਾਰਜ ਕੀਤਾ, ਜਿਸ ਨਾਲ ਇਕ ਦੋ ਵਿਅਕਤੀ ਜ਼ਖਮੀ ਵੀ ਹੋਏ ਹਨ। ਜਦੋਂਕਿ



ਐਸ.ਡੀ.ਐਮ. ਸਿਮਰਦੀਪ ਸਿੰਘ ਨੇ ਕਿਹਾ ਕਿ ਧਰਨਾਕਾਰੀਆਂ ਨੇ ਕੁਝ ਮੁਲਾਜ਼ਮਾਂ ਨੂੰ ਸਹਿਕਾਰੀ ਸਭਾ ਦੇ ਦਫਤਰ ਅੰਦਰ ਬੰਦ ਕਰ ਰੱਖਿਆ ਸੀ,




**ਪੱਤਰਕਾਰਾਂ ਲਈ ਸੁਨਹਿਰਾ ਮੌਕਾ**

**ਪੰਜਾਬ ਦੇ ਹਰ ਜਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ**

**ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 9915594111**

# ਵਿਜੀਲੈਂਸ ਬਿਊਰੋ ਵੱਲੋਂ ਮੋਟਰ ਵਹੀਕਲ ਇੰਸਪੈਕਟਰ ਅਤੇ ਉਸ ਦਾ ਸਾਥੀ 14,000 ਰੁਪਏ ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ

ਚੰਡੀਗੜ੍ਹ (ਲੋਕ ਬਾਣੀ) :ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਆਪਣੀ ਮੁਹਿੰਮ ਦੌਰਾਨ ਅੱਜ ਪਟਿਆਲਾ ਵਿਖੇ ਤਾਇਨਾਤ ਮੋਟਰ ਵਹੀਕਲ ਇੰਸਪੈਕਟਰ (ਐਮ.ਵੀ.ਆਈ.) ਗੁਰਮੀਤ ਸਿੰਘ ਅਤੇ ਪਟਿਆਲਾ ਦੇ ਹੀ ਰਹਿਣ ਵਾਲੇ ਉਸਦੇ ਸਾਥੀ ਅਨਿਲ ਨੂੰ 14,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।



ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਅਧਿਕਾਰਤ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਪਟਿਆਲਾ ਸ਼ਹਿਰ ਦੇ ਵਸਨੀਕ ਦਿਨੇਸ਼ ਕੁਮਾਰ, ਜੋ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਪਟਿਆਲਾ ਵਿਖੇ ਵਸੀਕਾ ਨਵੀਸ ਵਜੋਂ ਕੰਮ ਕਰਦਾ ਹੈ, ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ਤੇ ਗ੍ਰਿਫਤਾਰ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਕਿ ਉਕਤ ਮੋਟਰ ਵਹੀਕਲ ਇੰਸਪੈਕਟਰ ਆਪਣੇ ਨਿੱਜੀ ਏਜੰਟ ਅਨਿਲ ਰਾਹੀਂ ਵਾਹਨ ਦੀ ਫਿਟਨੈਸ ਲਈ ਮਨਜ਼ੂਰੀ ਸਰਟੀਫਿਕੇਟ ਦੇਣ ਅਤੇ ਉਸਦਾ ਡਰਾਈਵਿੰਗ ਲਾਇਸੈਂਸ ਟੈਸਟ ਪਾਸ ਕਰਨ ਬਦਲੇ ਉਸ ਤੋਂ ਰਿਸ਼ਵਤ ਮੰਗ ਰਿਹਾ ਹੈ।

ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਦੋਵੇਂ ਮੁਲਜ਼ਮ ਗੁਰਮੀਤ ਸਿੰਘ (ਐਮ.ਵੀ.ਆਈ.) ਅਤੇ ਉਸ ਦੇ ਨਿੱਜੀ ਏਜੰਟ ਅਨਿਲ ਨੂੰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ 14,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫਤਾਰ ਕਰ ਲਿਆ ਗਿਆ ਅਤੇ ਉਨ੍ਹਾਂ ਤੋਂ ਰਿਸ਼ਵਤ ਦੀ ਰਕਮ ਵੀ ਬਰਾਮਦ ਕਰ ਲਈ ਗਈ।

ਉਨ੍ਹਾਂ ਦੱਸਿਆ ਕਿ ਇਸ ਸਬੰਧੀ ਦੋਵਾਂ ਮੁਲਜ਼ਮਾਂ ਖ਼ਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਊਰੋ ਦੇ ਥਾਣਾ ਪਟਿਆਲਾ ਰੇਂਜ ਵਿਖੇ ਕੇਸ ਦਰਜ ਕਰ ਲਿਆ ਗਿਆ ਹੈ ਅਤੇ ਇਸਦੀ ਅਗਲੇਰੀ ਜਾਂਚ ਜਾਰੀ ਹੈ।

# ਪੰਜਾਬ ਚ ਬੰਦ ਹੋ ਸਕਦਾ ਹੈ ਇੰਟਰਨੈੱਟ, ਜਗਜੀਤ ਸਿੰਘ ਡੱਲੇਵਾਲ ਨੇ ਦੱਸਿਆ ਕਾਰਨ, ਜਾਣੋ ਕੀ ਹੈ ਸਰਕਾਰ ਦੀ ਰਣਨੀਤੀ




ਨਵੀਂ ਦਿੱਲੀ (ਲੋਕ ਬਾਣੀ) – ਕਿਸਾਨਾਂ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਮੋਰਚਾ ਲਗਾਤਾਰ ਜਾਰੀ ਹੈ। ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਪਿਛਲੇ 16 ਦਿਨਾਂ ਤੋਂ ਮਰਨ ਵਰਤ ਤੇ ਬੈਠੇ ਹਨ। ਅੱਜ ਉਨ੍ਹਾਂ ਦੇ ਮਰਨ ਵਰਤ ਦਾ 17ਵਾਂ ਦਿਨ ਹੈ। ਡਾਕਟਰਾਂ ਮੁਤਾਬਿਕ ਉਨ੍ਹਾਂ ਦੀ ਸਿਹਤ ਲਗਾਤਾਰ ਵਿਗੜਦੀ ਜਾ ਰਹੀ ਹੈ ਅਤੇ 12 ਕਿਲੋ ਤੋਂ ਜਿਆਦਾ ਵਜ਼ਨ ਵੀ ਘੱਟ ਗਿਆ ਹੈ। ਇਸ ਸਭ ਦੇ ਬਾਵਜੂਦ ਡੱਲੇਵਾਲ ਵੱਲੋਂ ਅੱਜ ਕਿਸਾਨਾਂ ਨੂੰ ਅਪੀਲ ਕੀਤੀ ਗਈ। ਉਨ੍ਹਾਂ ਇੱਕ ਵੀਡੀਓ ਜਾਰੀ ਕਰ ਆਖਿਆ ਕਿ ਸਰਕਾਰ ਮੋਰਚੇ ਨੂੰ ਖ਼ਤਮ ਕਰਨਾ ਚਾਹੁੰਦੀ ਹੈ।

# ਪੁਲਿਸ ਕਸਟਡੀ ਚ ਇੱਕ ਨੌਜਵਾਨ ਨੇ ਆਪਣੇ ਆਪ ਨੂੰ ਮਾਰੀ ਗੋਲੀ, ਹੋਈ ਮੌਤ

ਅੰਮ੍ਰਿਤਸਰ (ਲੋਕ ਬਾਣੀ) ਦਿਹਾਤੀ ਦੇ ਥਾਣਾ ਘਰਿੰਡਾ ਦੇ ਅਧੀਨ ਆਉਂਦੀ ਪੁਲੀਸ ਚੌਕੀ ਵੱਲੋ ਦੋ ਨੌਜਵਾਨਾਂ ਨੂੰ ਮੁੱਖਬਰ ਦੀ ਸੂਚਨਾ ਦੇ ਅਧਾਰ ਤੇ ਕਾਬੂ ਕੀਤਾ ਗਿਆ ਸੀ ਕਸਟਡੀ ਦੌਰਾਨ ਇੱਕ ਨੌਜਵਾਨ ਵੱਲੋ ਅਪਣੇ ਆਪ ਨੂੰ ਗੋਲੀ ਮਾਰਨ ਦਾ ਮਾਮਲਾ ਸਾਹਮਣੇ ਆਇਆ ਹੈ ਜਿਸ ਦੇ ਚਲਦੇ ਪੀੜਿਤ ਪਰਿਵਾਰ ਨੇ ਥਾਣਾ ਘਰਿੰਡਾ ਦਾ ਘੇਰਾਵ ਕਰਨ ਦੀ ਕੀਤੀ ਗਈ ਕੋਸ਼ਿਸ਼ ਇਸ ਮੌਕੇ ਡੀਐਸਪੀ ਲਖਵਿੰਦਰ ਸਿੰਘ ਕਲੇਅਰ ਨੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਅਸੀਂ ਮੁਖਬਰ ਦੀ ਸੂਚਨਾ ਦੇ ਅਧਾਰ ਤੇ ਦੋ ਨੌਜਵਾਨਾਂ ਨੂੰ ਕਾਬੂ ਕੀਤਾ ਸੀ ਜਿਸ ਦੇ ਚਲਦੇ ਇੱਕ ਨੌਜਵਾਨ ਮਨਜੀਤ ਸਿੰਘ ਨੇ ਪੁਲਿਸ ਕਸਟਡੀ ਦੇ ਵਿੱਚ ਆਪਣੇ ਆਪ ਨੂੰ ਗੋਲੀ ਮਾਰ ਲਈ ਉਹਨਾਂ ਨੇ ਦੱਸਿਆ ਕਿ ਜਿਸ ਪਿਸਤੌਲ ਦੇ ਨਾਲ ਉਸਨੇ ਗੋਲੀ ਮਾਰੀ ਹੈ ਉਸ ਦਾ ਲਾਇਸੈਂਸੀ ਪਿਸਤੌਲ ਸੀ ਪੁਲਿਸ ਅਧਿਕਾਰੀ ਦਾ ਕਹਿਣਾ ਹੈ ਕਿ ਅਸੀਂ ਜਾਂਚ ਕਰ ਰਹੇ ਹਾਂ ਜਾਂਚ ਤੋਂ ਬਾਅਦ ਸਾਰੇ ਤੱਥ ਸਾਹਮਣੇ ਆਣਗੇ



ਇਸ ਮੌਕੇ ਪੀੜਿਤ ਪਰਿਵਾਰ ਨੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਉਹਨਾਂ ਦਾ ਲੜਕਾ ਮਨਜੀਤ ਸਿੰਘ ਜੋ ਕਿ ਸ਼ਾਦੀਸ਼ੁਦਾ ਹੈ ਅਤੇ ਪਿੰਡ ਖਾਸਾ ਵਿਖੇ ਹੈਲਥ ਕਲੱਬ ਚਲਾਉਂਦਾ ਹੈ ਉਹਨਾਂ ਕਿਹਾ ਕਿ ਉਹਨੂੰ ਨੌਜਵਾਨਾਂ ਨੂੰ ਨਸ਼ਾ ਤੋਂ ਦੂਰ ਕਰਦਾ ਹੈ ਤੇ ਸਿੱਖੀ ਲਈ ਪ੍ਰੇਰਿਤ ਵੀ ਕਰਦਾ ਹੈ। ਉਹਨਾਂ ਕਿਹਾ ਕਿ ਸਾਡਾ ਲੜਕਾ ਅਜਿਹਾ ਕੋਈ ਕੰਮ ਨਹੀਂ ਸੀ ਕਰਦਾ ਜੋ ਕਾਨੂੰਨ ਦੇ ਅਦਾਰੇ ਤੋਂ ਬਾਹਰ ਹੋਵੇ ਉਹਨਾਂ ਕਿਹਾ ਕਿ ਨਾ ਹੀ ਸਾਡਾ ਲੜਕਾ ਬੁਝਦਿਲ ਸੀ ਜੋ ਆਪਣੇ ਆਪ ਨੂੰ ਗੋਲੀ ਮਾਰ ਲਵੇ ਉਹਨਾਂ ਕਿਹਾ ਕਿ ਇਹ ਸਾਰੀ ਪੁਲਿਸ ਵੱਲੋਂ ਸਾਜਿਸ਼ ਰਚੀ ਜਾ ਰਹੀ ਹੈ। ਅਸੀਂ ਪੁਲਿਸ ਪ੍ਰਸ਼ਾਸਨ ਕੋਲੋਂ ਇਨਸਾਫ ਦੀ ਮੰਗ ਕਰਦੇ ਹਾਂ ਤੇ ਚਾਹੁੰਦੇ ਹਾਂ ਕਿ ਪੁਲਿਸ ਪ੍ਰਸ਼ਾਸਨ ਚੌਕੀ ਖਾਸਾ ਦੇ ਉਨਾਂ ਅਧਿਕਾਰੀਆਂ ਨੂੰ ਜਿਨਾਂ ਨੇ ਮਨਜੀਤ ਸਿੰਘ ਨੂੰ ਆਪਣੀ ਕਸਟਡੀ ਵਿੱਚ ਲਿਆ ਸੀ ਉਹਨਾਂ ਨੂੰ ਸਸਪੈਂਡ ਕਰ ਉਹਨਾਂ ਦੇ ਖਿਲਾਫ ਕਾਨੂੰਨੀ ਕਾਰਵਾਈ ਕਰੇ।

ਉਥੇ ਹੀ ਸੂਤਰਾਂ ਦੇ ਅਧਾਰ ਤੋਂ ਪਤਾ ਲੱਗਾ ਹੈ ਕਿ ਚੌਕੀ ਖਾਸਾ ਦੇ ਪੁਲਿਸ ਅਧਿਕਾਰੀ ਜਸਵਿੰਦਰ ਸਿੰਘ ਵੱਲੋਂ ਉਸ ਨੂੰ ਸਵੇਰ ਦਾ ਕਾਬੂ ਕੀਤਾ ਹੋਇਆ ਸੀ ਤੇ ਦੇਰ ਸ਼ਾਮ ਉਸ ਵੱਲੋਂ ਆਪਣੇ ਆਪ ਨੂੰ ਗੋਲੀ ਮਾਰਨ ਦੀ ਘਟਨਾ ਸਾਹਮਣੇ ਆ ਰਹੀ ਹੈ ਜੋ ਕਿ ਦੱਸਿਆ ਜਾ ਰਿਹਾ ਹੈ ਕਿ ਪੁਲਿਸ ਅਧਿਕਾਰੀ ਜਸਵਿੰਦਰ ਸਿੰਘ ਨੇ ਹੀ ਉਸ ਨੂੰ ਉਸ ਦੀ ਲਾਈਸੈਂਸੀ ਪਿਸਤੋਲ ਦੇ ਨਾਲ ਗੋਲੀ ਮਾਰੀ ਹੈ ਇਸ ਮੌਕੇ ਸਾਰੀ ਦਿਹਾਤੀ ਦੇ ਥਾਣਿਆਂ ਦੀ ਪੁਲਿਸ ਥਾਣਾ ਘਰਿੰਡਾ ਵਿੱਚ ਇਕੱਠੀ ਹੋਈ ਪਈ। ਸੂਤਰਾਂ ਦੇ ਹਵਾਲੇ ਤੋਂ ਵੀ ਦੱਸਿਆ ਜਾ ਰਿਹਾ ਹੈ ਕਿ ਮ੍ਰਿਤਕ ਦੇ ਪਰਿਵਾਰਿਕ ਮੈਂਬਰਾਂ ਦੇ ਨਾਲ ਪੁਲੀਸ ਵੱਲੋਂ ਰਾਜੀਨਾਮਾ ਕਰਨ ਦੀ ਕੋਸ਼ਿਸ਼ ਕੀਤੀ ਜਾ

# ਰਾਜ ਚੋਣ ਕਮਿਸ਼ਨ ਵੱਲੋਂ IAS ਕੰਵਲਪ੍ਰੀਤ ਬਰਾੜ ਜ਼ਿਲ੍ਹਾ ਸੰਗਰੂਰ ਦੀਆਂ ਚੋਣਾਂ ਲਈ ਆਬਜ਼ਰਵਰ ਨਿਯੁਕਤ




ਚੰਡੀਗੜ੍ਹ (ਲੋਕ ਬਾਣੀ)–ਰਾਜ ਚੋਣ ਕਮਿਸ਼ਨ ਪੰਜਾਬ ਵਲੋਂ ਪੰਜਾਬ ਵਿਚ 21 ਦਸੰਬਰ ਨੂੰ ਨਗਰ ਕੌਂਸਲ ਅਤੇ ਨਗਰ ਪੰਚਾਇਤ ਦੀਆਂ ਚੋਣਾਂ ਕਰਵਾਉਣ ਦਾ ਪ੍ਰੋਗਰਾਮ ਜਾਰੀ ਕੀਤਾ ਹੋਇਆ ਹੈ, ਜਿਸ ਤਹਿਤ ਰਾਜ ਚੋਣ ਕਮਿਸ਼ਨ ਵਲੋਂ ਜ਼ਿਲ੍ਹਾ ਸੰਗਰੂਰ ਵਿਚ ਸਮੁੱਚੀ ਚੋਣ ਪ੍ਰਕਿਰਿਆ ਨੂੰ ਨਿਰਪੱਖ, ਪਾਰਦਰਸ਼ੀ ਅਤੇ ਸੁਰੱਖਿਅਤ ਮਾਹੌਲ ਵਿਚ ਨੇਪਰੇ ਚੜ੍ਹਾਉਣ ਲਈ ਆਈ. ਏ.ਐਸ. ਅਧਿਕਾਰੀ ਕੰਵਲਪ੍ਰੀਤ ਬਰਾੜ ਨੂੰ ਚੋਣ ਆਬਜ਼ਰਵਰ ਨਿਯੁਕਤ ਕੀਤਾ ਗਿਆ ਹੈ। ਇਹ ਜਾਣਕਾਰੀ ਦਿੰਦਿਆਂ ਵਧੀਕ ਜ਼ਿਲ੍ਹਾ ਚੋਣਕਾਰ ਅਫਸਰ ਸੁਖਚੈਨ ਸਿੰਘ ਪਾਪੜਾ ਨੇ ਦੱਸਿਆ ਕਿ ਕਿਸੇ ਵੀ ਉਮੀਦਵਾਰ ਜਾਂ ਆਮ ਪਬਲਿਕ ਵਲੋਂ ਇਨ੍ਹਾਂ ਚੋਣਾਂ ਸਬੰਧੀ ਮਹੱਤਵਪੂਰਨ ਸੂਚਨਾ, ਸ਼ਿਕਾਇਤ ਜਾਂ ਪ੍ਰਤੀਕਿਰਿਆ ਸਾਂਝੀ ਕਰਨ ਲਈ ਸ਼੍ਰੀਮਤੀ ਕੰਵਲਪ੍ਰੀਤ ਬਰਾੜ ਦੇ ਮੋਬਾਇਲ ਨੰਬਰ 99142 20731 ਉੱਤੇ ਸੰਪਰਕ ਕੀਤਾ ਜਾ ਸਕਦਾ ਹੈ।

# ਜਲੰਧਰ ਚ ਨਿਗਮ ਚੋਣਾਂ ਲਈ ਕਿੰਨੇ ਉਮੀਦਵਾਰਾਂ ਨੇ ਭਰੇ ਨਾਮਜ਼ਦਗੀ ਪੱਤਰ ਪੜ੍ਹੋ




ਜਲੰਧਰ, (ਲੋਕ ਬਾਣੀ) -ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਨਗਰ ਨਿਗਮ, ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੀਆਂ ਚੋਣਾਂ ਲਈ ਨਾਮਜ਼ਦਗੀਆਂ ਭਰਨ ਦੇ ਅੱਜ ਆਖਰੀ ਦਿਨ ਜ਼ਿਲ੍ਹੇ ਦੇ 139 ਵਾਰਡਾਂ ਲਈ 698 ਉਮੀਦਵਾਰਾਂ ਵਲੋਂ ਨਾਮਜ਼ਦਗੀ ਪੇਪਰ ਭਰੇ ਗਏ ਹਨ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਨਗਰ ਨਿਗਮ ਜਲੰਧਰ ਦੇ 85 ਵਾਰਡਾਂ ਲਈ 448 ਉਮੀਦਵਾਰਾਂ ਵਲੋਂ ਨਾਮਜ਼ਦਗੀ ਪੇਪਰ ਭਰੇ ਗਏ ਹਨ। ਇਸੇ ਤਰ੍ਹਾਂ ਨਗਰ ਕੌਂਸਲ ਭੋਗਪੁਰ ਦੇ 13 ਵਾਰਡਾਂ ਲਈ 62, ਨਗਰ ਕੌਂਸਲ ਗੁਰਾਇਆਂ ਦੇ 13 ਵਾਰਡਾਂ ਲਈ 53 ਅਤੇ ਨਗਰ ਕੌਂਸਲ ਫਿਲੌਰ ਦੇ ਵਾਰਡ ਨੰਬਰ 13 ਲਈ 4 ਨਾਮਜ਼ਦਗੀ ਪੇਪਰ ਭਰੇ ਗਏ ਹਨ। ਉਨ੍ਹਾਂ ਦੱਸਿਆ ਕਿ 13 ਦਸੰਬਰ ਨੂੰ ਨਾਮਜ਼ਦਗੀ ਪੇਪਰਾਂ ਦੀ ਪੜਤਾਲ ਹੋਵੇਗੀ ਅਤੇ 14 ਦਸੰਬਰ ਨੂੰ ਨਾਮਜ਼ਦਗੀ ਪੇਪਰ ਵਾਪਸ ਲਏ ਜਾ ਸਕਦੇ ਹਨ। ਉਨ੍ਹਾਂ ਦੱਸਿਆ ਕਿ 21 ਦਸੰਬਰ ਨੂੰ ਵੋਟਾਂ ਪੈਣਗੀਆਂ ਅਤੇ ਇਸੇ ਦਿਨ ਗਿਣਤੀ ਹੋਵੇਗੀ।

# ਭਾਜਪਾ ਕਿਸਾਨਾਂ ਦੇ ਸ਼ਾਂਤਮਈ ਵਿਰੋਧ ਪ੍ਰਦਰਸ਼ਨ ਤੋਂ ਕਿਉਂ ਡਰ ਰਹੀ ਹੈ: ਬਾਜਵਾ



ਚੰਡੀਗੜ੍ਹ, (ਲੋਕ ਬਾਣੀ)- ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਕਿਸਾਨਾਂ ਦੇ ਸ਼ਾਂਤਮਈ ਅੰਦੋਲਨ ਨੂੰ ਲੈ ਕੇ ਭਾਰਤੀ ਜਨਤਾ ਪਾਰਟੀ ਦੀ ਅਗਵਾਈ ਵਾਲੀ ਪਾਰਟੀ ਨੂੰ ਕਟਹਿਰੇ ਚ ਖੜ੍ਹਾ ਕਰਦਿਆਂ ਵੀਰਵਾਰ ਨੂੰ ਪੁੱਛਿਆ ਕਿ ਕੇਂਦਰ ਸਰਕਾਰ ਕਿਸਾਨਾਂ ਦੇ ਸ਼ਾਂਤਮਈ ਵਿਰੋਧ ਪ੍ਰਦਰਸ਼ਨ ਤੋਂ ਇੰਨੀ ਡਰੀ ਕਿਉਂ ਹੈ ਸੀਨੀਅਰ ਕਾਂਗਰਸੀ ਆਗੂ ਬਾਜਵਾ ਨੇ ਕਿਹਾ ਕਿ ਇੰਗਲੈਂਡ ਦੇ ਕਿਸਾਨਾਂ ਵੱਲੋਂ ਸ਼ਾਂਤਮਈ ਢੰਗ ਨਾਲ ਕੀਤੇ ਜਾ ਰਹੇ ਵਿਰੋਧ ਪ੍ਰਦਰਸ਼ਨ ਕਾਰਨ ਲੰਡਨ ਵਿੱਚ ਵੈਸਟਮਿਨਿਸਟਰ ਟਰੈਕਟਰਾਂ ਨਾਲ ਭਰ ਗਿਆ ਹੈ। ਨਾ ਤਾਂ ਸਰਕਾਰ ਅਤੇ ਨਾ ਹੀ ਸਕਾਟਲੈਂਡ ਯਾਰਡ ਨੇ ਕਿਸਾਨਾਂ ਨੂੰ ਖਿੰਡਾਉਣ ਲਈ ਤਾਕਤ ਦੀ ਵਰਤੋਂ ਕੀਤੀ। ਉਨ੍ਹਾਂ ਨੇ ਤਾਕਤ ਦੀ ਵਰਤੋਂ ਨਹੀਂ ਕੀਤੀ ਕਿਉਂਕਿ ਉਹ ਲੋਕਤੰਤਰੀ ਸਿਧਾਂਤਾਂ ਅਤੇ ਸ਼ਾਂਤੀਪੂਰਨ ਵਿਰੋਧ ਦੇ ਅਧਿਕਾਰ ਦਾ ਸਨਮਾਨ ਕਰਦੇ ਹਨ।

ਇਸ ਦੇ ਬਿਲਕੁਲ ਉਲਟ ਹਰਿਆਣਾ ਦੀ ਭਾਜਪਾ ਸਰਕਾਰ ਨੇ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੇ ਨਿਰਦੇਸ਼ਾਂ ਤੇ ਨਿਹੱਥੇ ਅਤੇ ਸ਼ਾਂਤਮਈ ਢੰਗ ਨਾਲ ਮਾਰਚ ਕਰ ਰਹੇ ਕਿਸਾਨਾਂ ਤੇ ਅੱਥਰੂ ਗੈਸ ਦੇ ਗੋਲੇ ਅਤੇ ਪਾਣੀ ਦੀਆਂ ਤੋਪਾਂ ਦਾਗ਼ੀਆਂ। ਹਰਿਆਣਾ ਦੀ ਭਾਜਪਾ ਸਰਕਾਰ ਨੇ ਸ਼ੰਭੂ ਅਤੇ ਖਨੌਰੀ ਸਰਹੱਦਾਂ ਤੇ ਇਸ ਤਰ੍ਹਾਂ ਵੱਡੀ ਬੈਰੀਕੇਡਿੰਗ ਕੀਤੀ ਹੈ ਜਿਵੇਂ ਪੰਜਾਬ ਭਾਰਤ ਦਾ ਹਿੱਸਾ ਹੀ ਨਾ ਹੋਵੇ।

ਕਾਦੀਆਂ ਦੇ ਵਿਧਾਇਕ ਬਾਜਵਾ ਨੇ ਕਿਹਾ ਕਿ ਕਿਸਾਨਾਂ ਦੀਆਂ ਜਾਇਜ਼ ਮੰਗਾਂ ਪ੍ਰਤੀ ਭਾਜਪਾ ਦੇ ਜ਼ਾਲਮ ਰਵੱਈਏ ਤੋਂ ਬੇਹੱਦ ਨਿਰਾਸ਼ ਹੋ ਕੇ ਕਿਸਾਨ ਯੂਨੀਅਨ ਦੇ ਆਗੂ ਜਗਜੀਤ ਸਿੰਘ ਡੱਲੇਵਾਲ ਪਿਛਲੇ 17 ਦਿਨਾਂ ਤੋਂ ਮਰਨ ਵਰਤ ਰੱਖ ਰਹੇ ਹਨ। ਉਨ੍ਹਾਂ ਦੀ ਸਿਹਤ ਹੁਣ ਵਿਗੜ ਰਹੀ ਹੈ। ਜੇ ਕੋਈ ਅਣਸੁਖਾਵੀਂ ਘਟਨਾ ਵਾਪਰਦੀ ਹੈ ਤਾਂ ਭਾਜਪਾ ਸਰਕਾਰ ਜ਼ਿੰਮੇਵਾਰ ਹੋਵੇਗੀ। ਪੰਜਾਬ ਦੀ ਅਮਨ-ਕਾਨੂੰਨ ਦੀ ਸਥਿਤੀ ਦਾਅ ਤੇ ਹੈ।

ਕਿਸਾਨਾਂ ਦੇ ਸ਼ਾਂਤਮਈ ਪੈਦਲ ਮਾਰਚ ਨੂੰ ਦਬਾਉਣ ਲਈ ਭਾਜਪਾ ਵੱਲੋਂ ਅਪਣਾਏ ਗਏ ਗੈਰ-ਲੋਕਤੰਤਰੀ ਤਰੀਕਿਆਂ ਤੇ ਸਵਾਲਾਂ ਦੀ ਝੜੀ ਲਾਉਂਦਿਆਂ ਬਾਜਵਾ ਨੇ ਪੁੱਛਿਆ, ਕੀ ਭਾਜਪਾ ਇਸ ਦੇਸ਼ ਦੇ ਕਿਸਾਨਾਂ ਨੂੰ ਨਾਗਰਿਕ ਨਹੀਂ ਮੰਨਦੀ ? ਭਾਜਪਾ ਸ਼ਾਂਤਮਈ ਢੰਗ ਨਾਲ ਆਪਣੇ ਹੱਕਾਂ ਦੀ ਮੰਗ ਕਰ ਰਹੇ ਕਿਸਾਨਾਂ ਤੋਂ ਇੰਨੀ ਡਰੀ ਕਿਉਂ ਹੈ ? ਕੀ ਭਾਜਪਾ ਇਸ ਤਰ੍ਹਾਂ ਲੋਕਤੰਤਰ ਦੀ ਰੱਖਿਆ ਕਰ ਰਹੀ ਹੈ ?

# ਪੀਰ ਬਾਬਾ ਦੀ ਦਰਗਾਹ ਦੇ ਨੇੜੇ ਬਿਨਾਂ ਪ੍ਰਵਾਨਗੀ ਤੋਂ ਸ਼ਰਾਬ ਦਾ ਠੇਕਾ ਅਤੇ ਢਾਬਾ ਖੋਲੇ ਜਾਣ ਦਾ ਪਿੰਡ ਵਾਸੀਆਂ ਨੇ ਕੀਤਾ ਵਿਰੋਧ

ਡੇਰਾਬੱਸੀ, ( (ਲੋਕ ਬਾਣੀ)---ਇੱਕ ਪਾਸੇ ਤਾਂ ਪੰਜਾਬ ਸਰਕਾਰ ਵੱਲੋਂ ਹਰ ਰੋਜ਼ ਪੁਲਿਸ ਨੂੰ ਨਿਰਦੇਸ਼ ਜਾਰੀ ਕਰਕੇ ਨਸ਼ਾ ਤਸਕਰਾਂ ਨੂੰ ਕਾਬੂ ਕਰਨ ਦੀਆਂ ਹਦਾਇਤਾਂ ਦਿੱਤੀਆਂ ਹੋਈਆਂ ਹਨ ਤਾਂ ਜੋਂ ਪੰਜਾਬ ਨੂੰ ਦੁਬਾਰਾ ਰੰਗਲਾ ਪੰਜਾਬ ਬਣਾਇਆ ਜਾ ਸਕੇ। ਪਰ ਦੂਜੇ ਪਾਸੇ ਡੇਰਾਬੱਸੀ ਸ਼ਹਿਰ ਸਮੇਤ ਡੇਰਾਬੱਸੀ ਹਲਕੇ ਦੇ ਪਿੰਡਾਂ ਵਿੱਚ ਖੁੱਲ ਰਹੇ ਸ਼ਰਾਬ ਦੇ ਠੇਕਿਆਂ ਤੋਂ ਬਾਅਦ ਪੰਜਾਬ ਸਰਕਾਰ ਅਤੇ ਐਕਸਾਈਜ਼ ਵਿਭਾਗ ਪੰਜਾਬ ਦੀ ਜਵਾਨੀ ਨੂੰ ਨਸ਼ੇ ਵਿੱਚ ਡੁਬਾਉਣ ਦੀ ਪੂਰੀ ਤਿਆਰੀ ਕਰ ਰਹੀ ਹੈ। ਦੱਸਣਯੋਗ ਹੈ ਕਿ ਡੇਰਾਬੱਸੀ ਸ਼ਹਿਰ ਵਿੱਚ ਇਸ ਸਮੇਂ 15 ਤੋਂ ਵੱਧ ਸ਼ਰਾਬ ਦੇ ਠੇਕੇ ਖੋਲ੍ਹੇ ਜਾ ਚੁੱਕੇ ਹਨ। ਜਦ ਕਿ ਕਿਸੇ ਸਮੇਂ ਕੇਵਲ ਦੋ ਹੀ ਸ਼ਰਾਬ ਦੇ ਠੇਕੇ ਹੁੰਦੇ ਸੀ। ਇਸ ਲੜੀ ਦੌਰਾਨ ਅੱਜ ਅੰਬਾਲਾ ਚੰਡੀਗੜ੍ਹ ਨੈਸ਼ਨਲ ਹਾਈਵੇਅ ਤੇ ਸਥਿਤ ਪਿੰਡ ਦੇਵੀਨਗਰ ਦੇ ਵਸਨੀਕਾਂ ਵੱਲੋਂ ਨੈਸ਼ਨਲ ਹਾਈਵੇਅ ਤੇ ਸਥਿਤ ਪੀਰ ਬਾਬਾ ਦੀ ਦਰਗਾਹ ਨੇੜੇ ਨਾਜਾਇਜ਼ ਤਰੀਕੇ ਨਾਲ ਸ਼ਰਾਬ ਦਾ ਠੇਕਾ ਅਤੇ ਢਾਬਾ ਖੋਲਣ ਦੀ ਤਿਆਰੀ ਕੀਤੀ ਜਾ ਰਹੀ ਹੈ।

ਜਿਸ ਤੋਂ ਬਾਅਦ ਸਮੂਹ ਪਿੰਡ ਵਾਸੀਆਂ ਵੱਲੋਂ ਐੱਸਡੀਐੱਮ ਡੇਰਾਬੱਸੀ ਅਮਿਤ ਗੁਪਤਾ ਨੂੰ ਮੰਗ ਪੱਤਰ ਦਿੰਦੇ ਹੋਏ ਧਾਰਮਿਕ ਅਸਥਾਨ ਦੇ ਨੇੜੇ ਨਾਜਾਇਜ਼ ਤਰੀਕੇ ਨਾਲ ਬਣਾਏ ਜਾ ਰਹੇ ਸ਼ਰਾਬ ਦੇ ਠੇਕੇ ਦੀ ਜਗ੍ਹਾ ਨੂੰ ਤਬਦੀਲੀ ਕਰਨ ਦੀ ਮੰਗ ਕੀਤੀ ਹੈ।

ਪਿੰਡ ਵਾਸੀ ਨੇ ਦੱਸਿਆ ਕਿ ਨਗਰ ਕੌਂਸਲ ਡੇਰਾਬੱਸੀ ਦੀ ਹੱਦ ਵਿੱਚ ਪੈਂਦੇ ਪਿੰਡ ਦੇਵੀਨਗਰ ਵਾਰਡ ਨੰਬਰ 15 ਵਿਖੇ ਅੰਬਾਲਾ-ਚੰਡੀਗੜ੍ਹ ਨੈਸ਼ਨਲ ਹਾਈਵੇ ਤੇ ਸਥਿਤ ਪੀਰ ਬਾਬਾ ਜਮੋਏ ਵਾਲੇ ਦੇ ਸਾਹਮਣੇ ਕਰਮ ਚੰਦ ਪੁੱਤਰ ਪਿਆਰੇ ਲਾਲ, ਵਿਸ਼ਾਲ ਪੁੱਤਰ ਕਰਮ ਚੰਦ ਅਤੇ ਨੀਲਮ ਸੂਦ ਪਤਨੀ ਸ੍ਰੀ ਕਰਮ ਚੰਦ ਵਾਸੀ ਗ੍ਰੀਨ ਅਸਟੇਟ ਬਰਵਾਲਾ ਰੋਡ ਡੇਰਾਬੱਸੀ ਵੱਲੋਂ ਨਗਰ ਕੌਂਸਲ ਡੇਰਾਬੱਸੀ ਅਤੇ ਨੈਸ਼ਨਲ ਹਾਈਵੇਅ ਤੋਂ ਬਿਨਾਂ ਨਕਸਾ ਪਾਸ ਕਰਵਾਏ ਉਕਤ ਜਗ੍ਹਾ ਤੇ ਨਾਜਾਇਜ਼ ਤਰੀਕੇ ਨਾਲ ਸ਼ਰਾਬ ਦਾ ਠੇਕਾ ਅਤੇ ਢਾਬਾ ਖੋਲਿਆ ਜਾ ਰਿਹਾ ਹੈ। ਉਨ੍ਹਾਂ ਵੱਲੋਂ ਨਗਰ ਕੌਂਸਲ ਦਾ ਨੈਸ਼ਨਲ ਹਾਈਵੇਅ ਦੇ ਕਾਨੂੰਨ ਨੂੰ ਅੱਖੋਂ ਪਰੋਖੇ ਕਰਕੇ ਪੰਜਾਬ ਸਰਕਾਰ ਨੂੰ ਲੱਖਾਂ ਰੁਪਏ ਦਾ ਚੂਨਾ ਲਾਕੇ ਨਜਾਇਜ਼ ਤੌਰ ਤੇ ਸ਼ਰਾਬ ਦਾ ਠੇਕਾ ਅਤੇ ਢਾਬਾ ਖੋਲਿਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਜਗ੍ਹਾ ਦੇ ਨੇੜੇ ਪੀਰ ਬਾਬਾ ਜਮੋਏ ਵਾਲੇ ਦੀ ਸਮਾਧ ਬਣੀ ਹੋਈ ਹੈ। ਜਿਥੇ ਹਰ ਵੀਰਵਾਰ ਹਜ਼ਾਰਾਂ ਲੋਕ ਮੱਥਾ ਟੇਕਣ ਅਤੇ ਭੰਡਾਰਾ ਕਰਨ ਲਈ ਆਉਂਦੇ ਹਨ। ਉਨ੍ਹਾਂ ਕਿ ਧਾਰਮਿਕ ਜਗ੍ਹਾ ਦੇ ਸ਼ਰਾਬ ਦਾ ਠੇਕਾ ਖੁੱਲਣ ਤੋਂ ਲੋਕਾਂ ਨੂੰ ਧਾਰਮਿਕ ਠੇਸ ਪਹੁੰਚੇਗੀ। ਪਿੰਡ ਵਾਸੀਆ ਨੇ ਐੱਸਡੀਐੱਮ ਡੇਰਾਬੱਸੀ ਅਮਿਤ ਗੁਪਤਾ ਨੂੰ ਮੰਗ ਪੱਤਰ ਦਿੰਦੇ ਹੋਏ ਮੰਗ ਕੀਤੀ ਹੈ ਕਿ ਅੰਬਾਲਾ-ਚੰਡੀਗੜ ਨੈਸ਼ਨਲ ਹਾਈਵੇ ਤੇ ਸਥਿਤ ਪਿੰਡ ਦੇਵੀਨਗਰ ਪੀਰ ਬਾਬਾ ਜਮੋਏ ਵਾਲੇ ਦੇ ਸਾਹਮਣੇ ਖੋਲੇ ਜਾ ਰਹੇ ਨਜਾਇਜ ਸਰਾਬ ਦੇ ਠੇਕੇ ਅਤੇ ਢਾਬੇ ਨੂੰ ਤੁਰੰਤ ਬੰਦ ਕਰਵਾਇਆ ਜਾਵੇ ਤਾਂਕਿ ਲੋਕਾ ਦੀ ਧਾਰਮਿਕ ਭਾਵਨਾਵਾਂ ਨੂੰ ਠੇਸ



ਪਹੁੰਚਣ ਤੋਂ ਰੋਕਿਆ ਜਾ ਸਕੇ। ਉਨ੍ਹਾਂ ਕਿ ਜੇਕਰ ਨਗਰ ਕੌਂਸਲ ਦੀ ਪ੍ਰਵਾਨਗੀ ਤੋਂ ਬਿਨਾਂ ਇਹ ਕੰਮ ਹੁੰਦਾ ਹੈ ਤਾਂ ਇਸ ਨਾਲ ਨਗਰ ਕੌਂਸਲ ਨੂੰ ਲੱਖਾਂ ਰੁਪਿਆਂ ਦਾ ਨੁਕਸਾਨ ਹੋਵੇਗਾ। ਉਨ੍ਹਾਂ ਮੰਗ ਕੀਤੀ ਕਿ ਉਪਰੋਕਤ ਦੋਸ਼ੀਆਂ ਦੇ ਖਿਲਾਫ ਬਣਦੀ ਸਖਤ ਤੋਂ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਤਾਂ ਜੋ ਪਿੰਡ ਵਾਸੀਆਂ ਅਤੇ ਪੀਰ ਬਾਬਾ ਜਮੋਏ ਵਾਲੇ ਭਗਤਾਂ ਨੂੰ ਇਨਸਾਫ ਮਿਲ ਸਕੇ। ਜਦੋਂ ਇਸ ਬਾਰੇ ਐੱਸਡੀਐੱਮ ਡੇਰਾਬੱਸੀ ਅਮਿਤ ਗੁਪਤਾ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਕਿਹਾ ਕਿ ਉਹ ਕੱਲ ਹੀ ਇਸ ਮਾਮਲੇ ਤੇ ਕਾਰਵਾਈ ਕਰਨਗੇ।

ਜਦੋਂ ਇਸ ਬਾਰੇ ਢਾਬੇ ਦਾ ਨਿਰਮਾਣ ਕਰ ਰਹੇ ਵਿਅਕਤੀ ਕਰਮ ਚੰਦ ਸੂਦ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਕਿਹਾ ਕਿ ਉਹ ਸ਼ਰਾਬ ਦੇ ਠੇਕੇ ਦਾ ਨਹੀਂ ਕੇਵਲ ਢਾਬੇ ਦਾ ਨਿਰਮਾਣ ਕਰ ਰਹੇ ਹਨ। ਜਦੋਂ ਉਨ੍ਹਾਂ ਨੂੰ ਨਗਰ ਕੌਂਸਲ ਅਤੇ ਨੈਸ਼ਨਲ ਹਾਈਵੇਅ ਤੋਂ ਪ੍ਰਵਾਨਗੀ ਲੈਣ ਬਾਰੇ ਪੁਛਿਆ ਗਿਆ ਤਾਂ ਉਨ੍ਹਾਂ ਕਿ ਇਸ ਜਗ੍ਹਾ ਤੇ ਹੋਰ ਵੀ ਬਹੁਤ ਸਾਰੇ ਢਾਬੇ ਖੁੱਲੇ ਹੋਏ ਹਨ। ਜਿਸ ਤੋਂ ਬਾਅਦ ਉਨ੍ਹਾਂ ਵੱਲੋਂ ਵੀ ਢਾਬੇ ਦਾ ਨਿਰਮਾਣ ਕੀਤਾ ਜਾ ਰਿਹਾ ਹੈ।

# ਹਰਿਆਣੇ ਚ ਅਨਾਜ ਮੰਡੀ ਚ ਮਾਮੂਲੀ ਵਿਵਾਦ ਨੂੰ ਲੈ ਕੇ ਚੱਲੀਆਂ ਗੋਲੀਆਂ, ਇੱਕ ਜ਼ਖਮੀ



ਪਾਣੀਪਤ (ਲੋਕ ਬਾਣੀ)- ਹਰਿਆਣਾ ਦੇ ਪਾਣੀਪਤ ਚ ਵੀਰਵਾਰ (12 ਦਸੰਬਰ) ਨੂੰ ਆੜ੍ਹਤੀਏ ਨੇ ਦੂਜੇ ਆੜ੍ਹਤੀਏ ਨੂੰ ਗੋਲੀ ਮਾਰ ਦਿੱਤੀ। ਇਸ ਚ ਇੱਕ ਆੜ੍ਹਤੀਆ ਜ਼ਖਮੀ ਹੋ ਗਿਆ, ਜਿਸ ਨੂੰ ਸਿਵਲ ਹਸਪਤਾਲ ਲਿਜਾਇਆ ਗਿਆ ਹੈ। ਦੋਸ਼ੀ ਆੜ੍ਹਤੀਏ ਨੂੰ ਸਥਾਨਕ ਲੋਕਾਂ ਨੇ ਮੌਕੇ ਤੇ ਹੀ ਫੜ ਲਿਆ। ਜ਼ਖਮੀ ਦੀ ਪਛਾਣ 60 ਸਾਲਾ ਓਮਪ੍ਰਕਾਸ਼ ਮਿੱਤਲ ਵਜੋਂ ਹੋਈ ਹੈ। ਇਸ ਦੇ ਨਾਲ ਹੀ ਮੁਲਜ਼ਮ ਦੀ ਪਛਾਣ ਵਰਿੰਦਰ ਆਰੀਆ ਵਜੋਂ ਹੋਈ ਹੈ। ਮਾਮਲਾ ਪਿੰਡ ਬਾਬਰਪੁਰ ਸਥਿਤ ਨਵੀਂ ਅਨਾਜ ਮੰਡੀ ਦਾ ਹੈ।

ਜਾਣਕਾਰੀ ਅਨੁਸਾਰ ਪ੍ਰਕਾਸ਼ ਮਿੱਤਲ ਅਤੇ ਵਰਿੰਦਰ ਆਰੀਆ ਦੀ ਨਵੀਂ ਅਨਾਜ ਮੰਡੀ ਵਿੱਚ ਦਲਾਲ ਦੀ ਦੁਕਾਨ ਹੈ। ਓਮਪ੍ਰਕਾਸ਼ ਮਿੱਤਲ ਦੀ ਦੁਕਾਨ ਦਾ ਨੰਬਰ 79 ਅਤੇ ਵਰਿੰਦਰ ਆਰੀਆ ਦੀ ਦੁਕਾਨ ਦਾ ਨੰਬਰ 83 ਹੈ।

ਓਮ ਪ੍ਰਕਾਸ਼ ਆਪਣੀ ਦੁਕਾਨ ਦੇ ਬਾਹਰ ਝੋਨਾ ਸਾਫ਼ ਕਰਵਾ ਰਿਹਾ ਸੀ। ਜਿਸ ਕਾਰਨ ਉਥੇ ਕਾਫੀ ਧੂੜ ਰਹੀ। ਇਸ ਦੌਰਾਨ ਵਰਿੰਦਰ ਆਪਣੀ ਕਾਰ ਉਥੇ ਲੈ ਆਇਆ। ਉਨ੍ਹਾਂ ਮਿੱਤਲ ਨੂੰ ਅਜਿਹਾ ਨਾ ਕਰਨ ਲਈ ਕਿਹਾ। ਜਿਸ ਕਾਰਨ ਦੋਵਾਂ ਵਿਚਾਲੇ ਬਹਿਸ ਸ਼ੁਰੂ ਹੋ ਗਈ। ਝਗੜਾ ਇੰਨਾ ਵੱਧ ਗਿਆ ਕਿ ਦੋਸ਼ੀ ਵਰਿੰਦਰ ਆਪਣੀ ਦੁਕਾਨ ਤੇ ਗਿਆ ਅਤੇ ਬੰਦੂਕ ਲੈ ਆਇਆ। ਇਸ ਤੋਂ ਬਾਅਦ ਉਸ ਨੇ ਉੱਥੇ ਪਹੁੰਚਦੇ ਹੀ ਗੋਲੀਆਂ ਚਲਾ ਦਿੱਤੀਆਂ। ਜਿਸ ਵਿੱਚ ਗੋਲੀ ਮਿੱਤਲ ਦੀ ਅੱਖ ਨੂੰ ਛੂਹ ਕੇ ਲੱਗ ਗਈ। ਹਾਲਾਂਕਿ ਗੋਲੀਬਾਰੀ ਚ ਉਸ ਦੇ ਮੱਥੇ ਅਤੇ ਅੱਖਾਂ ਤੇ ਗੋਲੀਆਂ ਦੇ ਨਿਸ਼ਾਨ ਲੱਗ ਗਏ। ਜਿਸ ਕਾਰਨ ਉਹ ਜ਼ਖਮੀ ਹੋ ਗਿਆ।

# ਸਰਬ ਨੌਜਵਾਨ ਸਭਾ ਨੇ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੂੰ ਕੀਤੀ ਗਰਮ ਕੋਟੀਆਂ ਦੀ ਵੰਡ



ਫਗਵਾੜਾ ( ਸੁਸ਼ੀਲ ਸ਼ਰਮਾ ) ਦੋਆਬੇ ਦੀ ਮਾਣਮੱਤੀ ਸਮਾਜ ਸੇਵੀ ਜੱਥੇਬੰਦੀ ਸਰਬ ਨੌਜਵਾਨ ਸਭਾ (ਰਜਿ.) ਫਗਵਾੜਾ ਵਲੋਂ ਸਰਦੀਆਂ ਦੇ ਮੌਸਮ ਨੂੰ ਮੁੱਖ ਰੱਖਦੇ ਹੋਏ ਅੱਜ ਖਾਲਸਾ ਸੀਨੀਅਰ ਸੈਕੇਂਡਰੀ ਸਕੂਲ ਮਾਡਲ ਟਾਊਨ ਫਗਵਾੜਾ ਦੇ ਵਿਦਿਆਰਥੀਆਂ ਨੂੰ ਗਰਮ ਕੋਟੀਆਂ ਦੀ ਵੰਡ ਕੀਤੀ ਗਈ। ਸਭਾ ਦੇ ਚੇਅਰਮੈਨ ਸੁਰੇਸ਼ ਮੱਲ੍ਹਣ ਯੂ.ਐਸ.ਏ. ਦੇ ਸਹਿਯੋਗ ਅਤੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਅਗਵਾਈ ਹੇਠ ਆਯੋਜਿਤ ਇਸ ਪ੍ਰੋਜੈਕਟ ਦੌਰਾਨ ਮੁੱਖ ਮਹਿਮਾਨ ਵਜੋਂ ਅਮਰੀਕ ਸਿੰਘ ਚਾਹਲ ਡੀ.ਐਸ.ਪੀ. (ਸੀ.ਆਈ.ਡੀ.) ਜਲੰਧਰ ਸ਼ਾਮਲ ਹੋਏ। ਜਦਕਿ ਵਿਸ਼ੇਸ਼ ਮਹਿਮਾਨਾਂ ਵਜੋਂ ਸਭਾ ਦੇ ਸਲਾਹਕਾਰ ਕਮੇਟੀ ਮੈਂਬਰ ਅਵਤਾਰ ਸਿੰਘ ਮੰਡ ਅਤੇ ਸ਼ਿਵ ਕੁਮਾਰ ਮੱਲ੍ਹਣ ਨੇ ਸ਼ਿਰਕਤ ਕੀਤੀ। ਮੁੱਖ ਮਹਿਮਾਨ ਵਲੋਂ ਆਪਣੇ ਕਰ ਕਮਲਾਂ ਨਾਲ ਵਿਦਿਆਰਥੀਆਂ ਨੂੰ ਗਰਮ ਕੋਟੀਆਂ ਤਕਸੀਮ ਕਰਦੇ ਹੋਏ ਸਭਾ ਦੇ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਉਹਨਾਂ ਨੇ ਸਭਾ ਵਲੋਂ ਕੀਤੇ ਜਾਂਦੇ ਅਜਿਹੇ ਨੇਕ ਕਾਰਜਾਂ ਵਿਚ ਆਪਣੇ ਵਲੋਂ ਵੀ ਸਹਿਯੋਗ ਦਾ ਭਰੋਸਾ ਦਿੱਤਾ। ਇਸ ਦੌਰਾਨ ਸਲਾਹਕਾਰ ਕਮੇਟੀ ਮੈਂਬਰ ਅਵਤਾਰ ਸਿੰਘ ਮੰਡ ਨੇ ਉਹਨਾਂ ਨੂੰ ਸਭਾ ਵਲੋਂ ਕੀਤੇ ਜਾਂਦੇ ਸਮਾਜ ਸੇਵੀ ਕਾਰਜਾਂ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ। ਇਸ ਤੋਂ ਪਹਿਲਾਂ ਪ੍ਰਿੰਸੀਪਲ ਸੀਮਾ ਸ਼ਰਮਾ ਦੀ ਅਗਵਾਈ ਹੇਠ ਸਕੂਲ ਸਟਾਫ ਨੇ ਸਮੂਹ ਪਤਵੰਤਿਆਂ ਦਾ ਸਕੂਲ ਪੁੱਜਣ ਤੇ ਨਿੱਘਾ ਸਵਾਗਤ ਕੀਤਾ। ਪ੍ਰਿੰਸੀਪਲ ਸੀਮਾ ਸ਼ਰਮਾ ਨੇ ਕਿਹਾ ਕਿ ਸਰਬ ਨੌਜਵਾਨ ਸਭਾ ਦਾ ਇਹ ਉਪਰਾਲਾ ਆਰਥਕ ਪੱਖੋਂ ਕਮਜੋਰ ਪਰਿਵਾਰਾਂ ਦੇ ਸਕੂਲ ਵਿਚ ਪੜ੍ਹਦੇ ਵਿਦਿਆਰਥੀਆਂ ਲਈ ਬਹੁਤ ਹੀ ਲਾਹੇਵੰਦ ਹੈ। ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਭਰੋਸਾ ਦਿੱਤਾ ਕਿ ਸਰਦੀਆਂ ਦੇ ਸੀਜਨ ਵਿਚ ਅਜਿਹੇ ਉਪਰਾਲੇ ਅੱਗੇ ਵੀ ਜਾਰੀ ਰੱਖੇ ਜਾਣਗੇ। ਸਟੇਜ ਦੀ ਸੇਵਾ ਰਿਟਾ. ਲੈਕਚਰਾਰ ਹਰਜਿੰਦਰ ਗੋਗਨਾ ਵਲੋਂ ਬਾਖੂਬੀ ਨਿਭਾਈ ਗਈ। ਸਭਾ ਵਲੋਂ ਮੁੱਖ ਮਹਿਮਾਨ ਨੂੰ ਦੋਸ਼ਾਲਾ ਅਤੇ ਸਨਮਾਨ ਚਿੰਨ੍ਹ ਭੇਂਟ ਕਰਕੇ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਸਭਾ ਦੇ ਉਪ ਪ੍ਰਧਾਨ ਰਵਿੰਦਰ ਸਿੰਘ, ਰਮਨ ਨਹਿਰਾ, ਨਰਿੰਦਰ ਸਿੰਘ ਸੈਣੀ, ਰਾਕੇਸ਼ ਕੋਛੜ, ਰਾਜ ਬਸਰਾ, ਜਗਜੀਤ ਸੇਠ, ਆਰ. ਪੀ. ਸ਼ਰਮਾ, ਮੈਡਮ ਸਪਨਾ ਸ਼ਾਰਦਾ, ਮੈਡਮ ਤਨੂੰ, ਅੰਜਲੀ ਹੀਰ, ਮੀਨਾਕਸ਼ੀ, ਅੰਜਲੀ, ਪ੍ਰੀਆ ਤੋਂ ਇਲਾਵਾ ਸਕੂਲ ਸਟਾਫ ਭੁਪਿੰਦਰ ਸਿੰਘ ਪੀ.ਟੀ., ਦਲਜੋਤ ਕੌਰ, ਬਲਜੀਤ ਕੌਰ ਸੈਣੀ ਆਦਿ ਹਾਜਰ ਸਨ।

# ਨਗਰ ਨਿਗਮ ਤੇ ਨਗਰ ਪੰਚਾਇਤ ਚੋਣਾਂ ਲਈ ਨਾਮਜ਼ਦਗੀਆਂ ਮੁਕੰਮਲ



ਕਪੂਰਥਲਾ ,-(ਸੁਸ਼ੀਲ ਸ਼ਰਮਾ )
ਨਗਰ ਨਿਗਮ ਫਗਵਾੜਾ ਤੇ ਨਗਰ ਪੰਚਾਇਤ ਭੁਲੱਥ , ਨਡਾਲਾ , ਬੇਗੋਵਾਲ ਤੇ ਢਿਲਵਾਂ ਲਈ ਨਾਮਜ਼ਦਗੀ ਪੱਤਰ ਦਾਖਲ ਕਰਵਾਉਣ ਦੀ ਪ੍ਰਕਿਰਿਆ ਮੁਕੰਮਲ ਹੋ ਗਈ ਹੈ ।

ਜ਼ਿਲ੍ਹਾ ਚੋਣ ਅਫ਼ਸਰ ਕਮ ਡਿਪਟੀ ਕਮਿਸ਼ਨਰ ਸ੍ਰੀ ਅਮਿਤ ਕੁਮਾਰ ਪੰਚਾਲ ਨੇ ਦੱਸਿਆ ਕਿ ਫਗਵਾੜਾ ਨਗਰ ਨਿਗਮ ਦੇ 50 ਵਾਰਡਾਂ ਲਈ 219 ਨਾਮਜ਼ਦਗੀ ਪੱਤਰ ਦਾਖਲ ਕੀਤੇ ਗਏ ਹਨ ।

ਬੇਗੋਵਾਲ ਨਗਰ ਪੰਚਾਇਤ ਦੇ 13 ਵਾਰਡਾਂ ਲਈ 39 ਨਾਮਜ਼ਦਗੀ ਪੱਤਰ ਦਾਖਲ ਹੋਏ ਜਦਕਿ ਭੁਲੱਥ ਨਗਰ ਪੰਚਾਇਤ ਦੇ 13 ਵਾਰਡਾਂ ਲਈ 44 ਨਾਮਜ਼ਦਗੀਆਂ ਦਾਖਲ ਹੋਈਆਂ ।

ਇਸੇ ਤਰ੍ਹਾਂ ਨਗਰ ਪੰਚਾਇਤ ਢਿਲਵਾਂ ਦੇ 11 ਵਾਰਡਾਂ ਲਈ 33 ਤੇ ਨਗਰ ਪੰਚਾਇਤ ਨਡਾਲਾ ਦੇ 11 ਵਾਰਡਾਂ ਲਈ 41 ਨਾਮਜ਼ਦਗੀ ਪੱਤਰ ਦਾਖਲ ਹੋਏ ਹਨ । 13 ਦਸੰਬਰ ਨੂੰ ਨਾਮਜਦਗੀ ਪੱਤਰਾਂ ਦੀ ਪੜਤਾਲ ਹੋਵੇਗੀ ਜਦਕਿ 14 ਦਸੰਬਰ ਨੂੰ 3 ਵਜੇ ਤੱਕ ਨਾਮਜਦਗੀ ਪੱਤਰ ਵਾਪਸ ਲੈ ਜਾ ਸਕਣਗੇ। 21 ਦਸੰਬਰ ਨੂੰ ਸਵੇਰੇ 7 ਵਜੇ ਤੋਂ ਸ਼ਾਮ 4 ਵਜੇ ਤੱਕ ਵੋਟਾਂ ਪੈਣਗੀਆਂ ਤੇ ਵੋਟਾਂ ਪੈਣ ਉਪਰੰਤ ਉਸੇ ਦਿਨ ਸ਼ਾਮ ਨੂੰ ਗਿਣਤੀ ਉਪਰੰਤ ਨਤੀਜਾ ਐਲਾਨਿਆ ਜਾਵੇਗਾ। 24 ਦਸੰਬਰ ਤੱਕ ਸਾਰੀ ਚੋਣ ਪ੍ਰਕਿ□ਆ ਨੂੰ ਮੁਕੰਮਲ ਕਰ ਲਿਆ ਜਾਵੇਗਾ।

# ਕੈਂਥ ਪਰਿਵਾਰ ਸੰਗ ਢੇਸੀਆਂ ਨਾਲ ਕੀਤਾ ਗਹਿਰੇ ਦੁੱਖ ਦਾ ਪ੍ਰਗਟਾਵਾ





ਫ਼ਗਵਾੜਾ ( ਸੁਸ਼ੀਲ ਸ਼ਰਮਾ )ਪਿਛਲੇ ਦਿਨੀਂ ਸੇਵਾ ਮੁਕਤ ਹੈੱਡਮਾਸਟਰ ਅਤੇ ਪਿੰਡ ਸੰਗ ਢੇਸੀਆਂ ਦੇ ਸਾਬਕਾ ਸਰਪੰਚ ਸ.ਗੁਰਚਰਨ ਸਿੰਘ ਕੈਂਥ ਅਚਨਚੇਤ ਹੀ ਆਪਣੇ ਪਰਿਵਾਰਕ ਮੈਂਬਰਾਂ,ਸਕੇ ਸੰਬੰਧੀਆਂ ਅਤੇ ਸਨੇਹੀਆਂ ਨੂੰ ਸਦੀਵੀ ਵਿਛੋੜਾ ਦੇ ਗਏ ਸਨ। ਅੱਜ ਉਹਨਾਂ ਦੇ ਅੰਤਿਮ ਸੰਸਕਾਰ ਮੌਕੇ ਤੇ ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਫਿਲੌਰ ਦੇ ਪ੍ਰਧਾਨ ਬਲਵਿੰਦਰ ਕੁਮਾਰ, ਬਲਾਕ ਰੁੜਕਾ ਕਲਾਂ ਦੇ ਪ੍ਰਧਾਨ ਤਾਰਾ ਸਿੰਘ ਬੀਕਾ,ਜਨਰਲ ਸਕੱਤਰ ਬੂਟਾ ਰਾਮ ਅਕਲਪੁਰ, ਪ੍ਰੀਤਮ ਸਿੰਘ,ਰਤਨ ਸਿੰਘ,ਭੁਪਿੰਦਰ ਸਿੰਘ, ਸੰਤੋਖ ਸਿੰਘ,ਸੋਹਣ ਲਾਲ, ਸੰਤੋਖ ਸਿੰਘ, ਕਰਨੈਲ ਸਿੰਘ ਮਾਹਲਾਂ, ਅਸ਼ੋਕ ਕੁਮਾਰ ਪੱਦੀ ਜਗੀਰ, ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ, ਗੌਰਮਿੰਟ ਟੀਚਰਜ਼ ਯੂਨੀਅਨ ਬਲਾਕ ਗੁਰਾਇਆ 01ਦੇ ਪ੍ਰਧਾਨ ਕੁਲਵੰਤ ਰਾਮ ਰੁੜਕਾ ਨੇ ਉਹਨਾਂ ਦੀ ਸੁਪਤਨੀ ਸ੍ਰੀਮਤੀ ਹਰਸ਼ਰਨ ਕੌਰ, ਉਹਨਾਂ ਦੀ ਨਹੁੰ ਪੁੱਤਰੀ ਸਰਪੰਚ ਪਰਮਜੀਤ ਕੌਰ, ਸਪੁੱਤਰਾਂ ਸਰਬਜੀਤ ਸਿੰਘ, ਹਰਪਾਲ ਸਿੰਘ, ਪਵਿੱਤਰ ਸਿੰਘ, ਸਰੂਪ ਸਿੰਘ ਆਦਿ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਜਿੱਥੇ ਪਰਿਵਾਰਕ ਮੈਂਬਰਾਂ, ਸਕੇ ਸੰਬੰਧੀਆਂ ਅਤੇ ਸਨੇਹੀਆਂ ਨੂੰ ਕਦੇ ਵੀ ਨਾ ਪੂਰਾ ਹੋਣ ਵਾਲਾ ਵੱਡਾ ਘਾਟਾ ਪਿਆ ਹੈ ਉੱਥੇ ਉਹਨਾਂ ਵਲੋਂ ਪਿੰਡ ਦੇ ਸਾਂਝੇ ਕੰਮਾਂ ਲਈ ਜਥੇਦਾਰ ਦਿੱਤੇ ਜਾਂਦੇ ਸਹਿਯੋਗ ਦੀ ਘਾਟ ਪੈਣ ਨਾਲ ਸਮੁੱਚੇ ਪਿੰਡ ਸੰਗ ਢੇਸੀਆਂ ਨੂੰ ਵੀ ਵੱਡਾ ਘਾਟਾ ਪਿਆ ਹੈ। ਉਹਨਾਂ ਵਲੋਂ ਸਿੱਖਿਆ ਦੇ ਖੇਤਰ ਵਿੱਚ ਡਿਊਟੀ ਦੌਰਾਨ ਦਿੱਤੀਆਂ ਵੱਡਮੁੱਲੀਆਂ ਸੇਵਾਵਾਂ ਅਤੇ ਸੇਵਾ ਮੁਕਤ ਹੋਣ ਤੋਂ ਬਾਅਦ ਪਿੰਡ ਦੇ ਵਿਕਾਸ ਕਾਰਜਾਂ ਲਈ ਬਤੌਰ ਸਰਪੰਚ ਦਿੱਤੀਆਂ ਸੇਵਾਵਾਂ ਨੂੰ ਸਦਾ ਯਾਦ ਕੀਤਾ ਜਾਂਦਾ ਰਹੇਗਾ। ਉਹਨਾਂ ਦੀ ਅੰਤਿਮ ਅਰਦਾਸ 17 ਦਸੰਬਰ ਨੂੰ ਗੁਰਦੁਆਰਾ ਸਾਹਿਬ ਬਾਬਾ ਸੰਗ ਢੇਸੀਆਂ ਵਿਖੇ ਬਾਅਦ ਦੁਪਿਹਰ ਹੋ ਰਹੀ ਹੈ।

# ਸ਼ਿਵ ਸੈਨਾ (ਯੂ.ਬੀ.ਟੀ.) ਦੇ ਯੂਥ ਇੰਚਾਰਜ ਹਨੀ ਮਹਾਜਨ ਨੇ ਸ਼੍ਰੀ ਕ੍ਰਿਸ਼ਨ ਗਊਸ਼ਾਲਾ ਦਾ ਦੌਰਾ ਕੀਤਾ



ਫਗਵਾੜਾ, (ਸੁਸ਼ੀਲ ਸ਼ਰਮਾ ) ਸ਼ਿਵ ਸੈਨਾ (ਯੂ. ਬੀ.ਟੀ.) ਦੇ ਪੰਜਾਬ ਯੂਥ ਇੰਚਾਰਜ ਹਨੀ ਮਹਾਜਨ ਅਤੇ ਸੂਬਾ ਸਕੱਤਰ ਨਰਿੰਦਰ ਰਾਠੌਰ ਨੇ ਅੱਜ ਮੇਹਲੀ ਗੇਟ ਸਥਿਤ ਸ਼੍ਰੀ ਕ੍ਰਿਸ਼ਨਾ ਗਊਸ਼ਾਲਾ ਦਾ ਦੌਰਾ ਕੀਤਾ, ਜਿੱਥੇ ਜ਼ਹਿਰੀਲਾ ਪਦਾਰਥ ਨਿਗਲਣ ਕਾਰਨ 23 ਗਊਆਂ ਦੀ ਮੌਤ ਹੋ ਗਈ ਸੀ ਕੀਤਾ. ਗਊਸ਼ਾਲਾ ਸੰਚਾਲਕ ਰਾਕੇਸ਼ ਗੌਸਾਈ ਨਾਲ ਮਿਲ ਕੇ ਗੌਧਨ ਦੀ ਦਰਦਨਾਕ ਮੌਤ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ। ਇਸ ਮਗਰੋਂ ਹਿੰਦੂ ਆਗੂਆਂ ਰਵਿੰਦਰ ਬਿੱਲਾ, ਗੁਰਦੀਪ ਸੈਣੀ, ਇੰਦਰਜੀਤ ਕਰਵਲ ਅਤੇ ਦੀਪਕ ਭਾਰਦਵਾਜ ਦੀ ਹਾਜ਼ਰੀ ਵਿੱਚ ਉਨ੍ਹਾਂ ਕਿਹਾ ਕਿ ਏਨੀ ਵੱਡੀ ਗਿਣਤੀ ਵਿੱਚ ਗਾਵਾਂ ਦਾ ਇੱਕੋ ਸਮੇਂ ਮਰ ਜਾਣਾ ਕੋਈ ਆਮ ਘਟਨਾ ਨਹੀਂ ਹੈ। ਸਨਾਤਨ ਹਿੰਦੂ ਸਮਾਜ ਵਿੱਚ ਗਊਧਨ ਦੀ ਮਹੱਤਤਾ ਨੂੰ ਜਾਣਨ ਦੇ ਬਾਵਜੂਦ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਉਨ੍ਹਾਂ ਦੀ ਸਰਕਾਰ ਦੇ ਸੀਨੀਅਰ ਮੰਤਰੀਆਂ ਜਾਂ ਆਗੂਆਂ ਨੇ ਇੱਕ ਲਫ਼ਜ਼ ਵੀ ਅਫ਼ਸੋਸ ਦਾ ਪ੍ਰਗਟਾਵਾ ਨਹੀਂ ਕੀਤਾ, ਇਹ ਸ਼ਰਮਨਾਕ ਹੈ। ਹਨੀ ਮਹਾਜਨ ਨੇ ਕਿਹਾ ਕਿ ਸਰਕਾਰ ਦੀ ਇਹ ਅਣਗਹਿਲੀ ਦਰਸਾਉਂਦੀ ਹੈ ਕਿ ਆਮ ਆਦਮੀ ਪਾਰਟੀ ਅਤੇ ਸੂਬਾ ਸਰਕਾਰ ਨੂੰ ਹਿੰਦੂ ਭਾਵਨਾਵਾਂ ਪ੍ਰਤੀ ਬਿਲਕੁਲ ਵੀ ਹਮਦਰਦੀ ਨਹੀਂ ਹੈ। ਇਸ ਦੌਰਾਨ ਸ਼ਿਵ ਸੈਨਾ (ਯੂ.ਬੀ.ਟੀ.) ਦੇ ਸ਼ਹਿਰੀ ਪ੍ਰਧਾਨ ਰਮਨ ਸ਼ਰਮਾ ਨੇ ਕਿਹਾ ਕਿ ਪੁਲਿਸ ਅਤੇ ਪ੍ਰਸ਼ਾਸਨ ਨੇ ਇਸ ਗੰਭੀਰ ਮਾਮਲੇ ਵਿੱਚ ਬਹੁਤ ਹੀ ਸ਼ਲਾਘਾਯੋਗ ਭੂਮਿਕਾ ਨਿਭਾਈ ਹੈ। ਜਿਸ ਲਈ ਸਮੂਹ ਹਿੰਦੂ ਸੰਗਠਨ ਅਤੇ ਹਿੰਦੂ ਸਮਾਜ, ਪੁਲਿਸ ਅਤੇ ਪ੍ਰਸ਼ਾਸਨ ਦਾ ਧੰਨਵਾਦੀ ਹੈ। ਇਸ ਮੌਕੇ ਰੁਪੇਸ਼ ਧੀਰ, ਸ਼ਮਸ਼ੇਰ ਭਾਰਤੀ, ਨਿਸ਼ਾਂਤ ਸ਼ਰਮਾ, ਹੈਰੀ, ਬਿੱਟੂ, ਅਮਨ, ਕਾਲਾ ਆਦਿ ਹਾਜ਼ਰ ਸਨ।

# ਭਾਰਤੀ ਜਨਤਾ ਯੁਵਾ ਮੋਰਚਾ ਦੇ ਜਿਲ੍ਹਾ ਮੀਤ ਪ੍ਰਧਾਨ ਮਿਤੁਲ ਸ਼ਰਮਾ ਸਾਥੀਆਂ ਸਮੇਤ 'ਆਪ' 'ਚ ਹੋਏ ਸ਼ਾਮਲ



ਫਗਵਾੜਾ 12 ਦਸੰਬਰ ( ਸੁਸ਼ੀਲ ਸ਼ਰਮਾ ) ਕਾਰਪੋਰੇਸ਼ਨ ਚੋਣਾਂ ਦੇ ਨਾਮਜਦਗੀ ਪੱਤਰ ਦਾਖਲ ਕਰਨ ਦੇ ਆਖਰੀ ਦਿਨ ਅੱਜ ਭਾਜਪਾ ਨੂੰ ਇਕ ਹੋਰ ਝਟਕਾ ਲੱਗਾ ਜਦੋਂ ਭਾਰਤੀ ਜਨਤਾ ਯੁਵਾ ਮੋਰਚਾ ਦੇ ਜਿਲ੍ਹਾ ਮੀਤ ਪ੍ਰਧਾਨ ਮਿਤੁਲ ਸ਼ਰਮਾ ਨੇ ਆਪਣੇ ਸਾਥੀਆਂ ਸੌਰਵ ਜਲੋਟਾ ਅਤੇ ਕਰਨ ਕੁਮਾਰ ਸਮੇਤ ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ। ਮਿਤੁਲ ਸ਼ਰਮਾ ਅਤੇ ਹੋਰਨਾਂ ਨੂੰ ਡਾ. ਰਾਜ ਕੁਮਾਰ ਚੱਬੇਵਾਲ ਮੈਂਬਰ ਪਾਰਲੀਮੈਂਟ, ਹਰਨੂਰ ਸਿੰਘ ਹਰਜੀ ਮਾਨ ਸਪੋਕਸ ਪਰਸਨ ਪੰਜਾਬ ਅਤੇ ਸੀਨੀਅਰ ਆਗੂ ਦਲਜੀਤ ਸਿੰਘ ਰਾਜੂ ਨੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਕਰਵਾਇਆ। ਇਸੇ ਦੌਰਾਨ ਮਿਤੁਲ ਸ਼ਰਮਾ ਨੂੰ ਕਾਰਪੋਰੇਸ਼ਨ ਚੋਣਾਂ ਲਈ ਸ਼ਹਿਰ ਦੇ ਵਾਰਡ ਨੰਬਰ 3 ਤੋਂ ਪਾਰਟੀ ਦਾ ਉਮੀਦਵਾਰ ਵੀ ਐਲਾਨਿਆ ਗਿਆ। ਡਾ. ਚੱਬੇਵਾਲ ਅਤੇ ਹਰਜੀ ਮਾਨ ਨੇ ਮਿਤੁਲ ਸ਼ਰਮਾ ਨੂੰ ਸ਼ੁੱਭ ਇੱਛਾਵਾਂ ਦਿੰਦੇ ਹੋਏ ਉਹਨਾਂ ਦੀ ਜਿੱਤ ਦੀ ਕਾਮਨਾ ਕੀਤੀ। ਮਿਤੁਲ ਸ਼ਰਮਾ ਨੇ ਭਰੋਸਾ ਦਿੱਤਾ ਕਿ ਉਹ ਆਪਣੇ ਵਾਰਡ ਦੇ ਸਮੂਹ ਵੋਟਰਾਂ ਨੂੰ ਸੂਬੇ ਦੀ ਭਗਵੰਤ ਮਾਨ ਸਰਕਾਰ ਦੀਆਂ ਪਿਛਲੇ ਕਾਰਜਕਾਲ ਦੀਆਂ ਪ੍ਰਾਪਤੀਆਂ ਨਾਲ ਜਾਣੂ ਕਰਵਾਉਣਗੇ ਅਤੇ ਵਾਰਡ ਕੌਂਸਲਰ ਵਜੋਂ ਸ਼ਾਨਦਾਰ ਜਿੱਤ ਹਾਸਲ ਕਰਕੇ ਪਾਰਟੀ ਨੂੰ ਮਜਬੂਤ ਕਰਨਗੇ।

# ਨਵੀਆਂ ਵਿਕਸਿਤ ਹੋ ਰਹੀਆਂ ਅਣ ਅਧਿਕਾਰਿਤ ਕਲੋਨੀਆਂ ਅਤੇ ਉਸਾਰੀਆਂ ਉੱਪਰ ਚੱਲਿਆ ਪੀਲਾ ਪੰਜਾ



ਫ਼ਗਵਾੜਾ (ਸੁਸ਼ੀਲ ਸ਼ਰਮਾ) ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਏਡੀਏ ਦੇ ਮੁੱਖ ਪ੍ਰਸ਼ਾਸਕ ਅੰਕੁਰਜੀਤ ਸਿੰਘ,ਆਈ.ਏ.ਐਸ ਅਤੇ ਵਧੀਕ ਮੁੱਖ ਪ੍ਰਸ਼ਾਸਕ ਮੇਜਰ ਅਮਿਤ ਸਰੀਨ, ਪੀ.ਸੀ.ਐਸ ਵੱਲੋਂ ਜਾਰੀ ਹੁਕਮਾਂ ਦੀ ਪਾਲਣਾ ਕਰਦੇ ਹੋਏ ਜਿਲਾ ਟਾਊਨ ਪਲਾਨਰ (ਰੈਗੂਲੇਟਰੀ) ਗੁਰਸੇਵਕ ਸਿੰਘ ਔਲਖ ਦੀ ਅਗਵਾਈ ਹੇਠ ਏਡੀਏ ਦੇ ਰੈਗੂਲੇਟਰੀ ਵਿੰਗ ਵੱਲੋਂ ਥਾਣਾ ਖਲਚੀਆਂ ਅਤੇ ਥਾਣਾ ਜੰਡਿਆਲਾ ਗੁਰੂ ਦੇ ਪੁਲਿਸ ਕਰਮੀਆਂ ਦੀ ਮੌਜੂਦਗੀ ਵਿੱਚ ਅੰਮ੍ਰਿਤਸਰ-ਜਲੰਧਰ ਨੈਸ਼ਨਲ ਹਾਈਵੇਅ ਉੱਪਰ ਪਿੰਡ ਫੱਤੂਵਾਲ ਅਤੇ ਪਿੰਡ ਮੱਲੀਆਂ ਵਿਖੇ ਬਣ ਰਹੀਆਂ ਨਵੀਆਂ ਅਣ-ਅਧਿਕਾਰਿਤ ਉਸਾਰੀਆਂ ਵਿਰੁੱਧ ਕਾਰਵਾਈ ਕਰਦੇ ਹੋਏ ਉਸਾਰੀਆਂ ਨੂੰ ਢਾਹ ਦਿੱਤਾ ਗਿਆ। ਜ਼ਿਲਾ ਟਾਊਨ ਪਲਾਨਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਭਵਿੱਖ ਦੇ ਵਿਕਾਸ ਨੂੰ ਨਿਯੰਤਰਣ ਕਰਨ ਲਈ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਇਹਨਾਂ ਅਣ-ਅਧਿਕਾਰਤ ਉਸਾਰੀਆਂ ਨੂੰ ਪੰਜਾਬ ਰਿਜ਼ਨਲ ਐਂਡ ਟਾਉਨ ਪਲੈਨਿੰਗ ਐਂਡ ਡਿਵੈਲਪਮੈਂਟ ਐਕਟ 1995 ਅਧੀਨ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਹੈ, ਕਿਉਂਜੋ ਅਣ-ਅਧਿਕਾਰਤ ਉਸਾਰੀ ਦੇ ਮਾਲਕਾਂ ਨੇ ਸਰਕਾਰ ਦੀਆਂ ਹਦਾਇਤਾਂ ਦੀ ਪ੍ਰਵਾਹ ਨਾ ਕਰਦੇ ਹੋਏ ਸਰਕਾਰੀ ਨਿਯਮਾਂ ਦੀਆਂ ਧੱਜੀਆਂ ਉਡਾਈਆਂ ਗਈਆਂ।

ਜ਼ਿਲਾ ਟਾਊਨ ਪਲਾਨਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪਿੰਡ ਮੱਲੀਆਂ ਵਿਖੇ ਕੀਤੀ ਗਈ ਅਣ-ਅਧਿਕਾਰਿਤ ਉਸਾਰੀ ਸਬੰਧੀ ਪਿੰਡ ਮੱਲੀਆਂ ਦੇ ਨਿਵਾਸੀਆਂ ਵੱਲੋਂ ਸ਼ਿਕਾਇਤ ਪ੍ਰਾਪਤ ਹੋਈ ਸੀ ਕਿ ਉਸਾਰੀਕਰਤਾ ਵੱਲੋਂ ਪਿੰਡ ਮੱਲੀਆਂ ਵਿਖੇ ਪਹਿਲਾਂ ਤੋਂ ਬਣੀ ਰਿਹਾਇਸ਼ੀ ਇਮਾਰਤ ਦੀ ਮੁਰੰਮਤ/ਨਵੀਨੀਕਰਨ ਕਰਕੇ ਇੰਡਸਟਰੀ ਲਈ ਸ਼ੈੱਡ ਪਾਉਣ ਵਾਸਤੇ ਲੋਹੇ ਦੇ ਪਿੱਲਰ ਲਗਾਏ ਜਾ ਰਹੇ ਹਨ। ਉਕਤ ਬਿਲਡਿੰਗ ਦੇ ਮਾਲਕ ਕੋਲ ਉਕਤ ਉਸਾਰੀ ਸਬੰਧੀ ਪੁੱਡਾ ਤੋਂ ਪ੍ਰਾਪਤ ਕੋਈ ਦਸਤਾਵੇਜ ਅਤੇ ਸੀ.ਐਲ.ਯੂ ਮੌਜੂਦ ਨਹੀਂ ਹੈ। ਉਕਤ ਨਿਵਾਸੀਆਂ ਵੱਲੋਂ ਇਸ ਗੈਰ ਕਾਨੂੰਨੀ ਉਸਾਰੀ ਨੂੰ ਜਲਦ ਤੋ ਜਲਦ ਰੁਕਵਾਉਣ ਲਈ ਬੇਨਤੀ ਕੀਤੀ ਗਈ ਸੀ। ਉਕਤ ਸ਼ਿਕਾਇਤ ਦੇ ਅਧਾਰ ਤੇ ਸਬੰਧਤ ਉਸਾਰੀਕਰਤਾ ਨੂੰ ਰੈਗੂਲੇਟਰੀ ਵਿੰਗ ਵੱਲੋ ਵਾਰ-ਵਾਰ ਰੋਕਣ ਉਪਰੰਤ ਨੋਟਿਸ ਜਾਰੀ ਕਰਦੇ ਹੋਏ ਮੌਕੇ ਤੇ ਕੰਮ ਨੂੰ ਬੰਦ ਕਰਨ ਅਤੇ ਇਸ ਸਬੰਧੀ ਆਪਣਾ ਸਪੱਸ਼ਟੀਕਰਨ ਦੇਣ ਲਈ ਲਿਖਿਆ ਗਿਆ ਸੀ, ਪਰੰਤੂ ਉਸਾਰੀਕਰਤਾ ਵੱਲੋਂ ਉਕਤ ਅਣ-ਅਧਿਕਾਰਤ ਉਸਾਰੀ ਸਬੰਧੀ ਸਪੱਸ਼ਟੀਕਰਨ ਦੇਣ ਦੀ ਬਜਾਏ ਨੋਟਿਸ ਦੀ ਉਲੰਘਣਾ ਕਰਦੇ ਹੋਏ ਮੌਕੇ ਤੇ ਉਸਾਰੀ ਦੇ ਕੰਮ ਨੂੰ ਚਾਲੂ ਰੱਖਿਆ ਗਿਆ। ਇਸ ਤੋਂ ਇਲਾਵਾ ਪਿੰਡ ਫੱਤੂਵਾਲ ਵਿਖੇ ਫੋਰ ਸੀਜ਼ਨ ਰਿਜ਼ੋਰਟ ਦੇ ਨਾਲ ਸਮਰੱਥ ਅਧਿਕਾਰੀ ਦੀ ਪ੍ਰਵਾਨਗੀ ਤੋਂ ਬਿਨਾਂ ਬਣਾਈ ਜਾ ਰਹੀ ਨਵੀਂ ਕਮਰਸ਼ੀਅਲ ਅਣ-ਅਧਿਕਾਰਿਤ ਉਸਾਰੀ ਨੂੰ ਵੀ ਰੈਗੂਲੇਟਰੀ ਵਿੰਗ ਵੱਲੋਂ ਵਾਰ ਵਾਰ ਰੋਕਣ ਅਤੇ ਨੋਟਿਸ ਜਾਰੀ ਕਰਨ ਉਪਰੰਤ ਵੀ ਉਸਾਰੀਕਰਤਾ ਵੱਲੋਂ ਮੌਕੇ ਤੇ ਉਸਾਰੀ ਦਾ ਕੰਮ ਜਾਰੀ ਰੱਖਿਆ ਗਿਆ ਜਿਸ ਕਰਕੇ ਉੱਚ ਅਧਿਕਾਰੀਆਂ ਦੇ ਹੁਕਮਾਂ ਤਹਿਤ ਇਹਨਾਂ ਅਣਅਧਿਕਾਰਿਤ ਉਸਾਰੀਆਂ ਖ਼ਿਲਾਫ਼ ਡੈਮੋਲੀਸ਼ਨ ਦੀ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ।

# ਭਾਜਪਾ ਉਮੀਦਵਾਰ ਵਲੋਂ ਮਾਤਾ ਅੰਬਿਕਾ ਦੇਵੀ ਮੰਦਰ ਨਤਮਸਤਕ ਹੋਣ ਉਪਰੰਤ ਚੋਣ ਮੁਹਿਮ ਸ਼ੁਰੂ ਕੀਤੀ




ਖਰੜ, ( ਕਾਲਾ ਸਿੰਘ ਸੈਣੀ )- ਨਗਰ ਕੌਸਲ ਖਰੜ ਦੀ ਵਾਰਡ ਨੰ:16 ਦੀ ਉਪ ਚੋਣ ਲਈ ਭਾਜਪਾ ਦੇ ਉਮੀਦਵਾਰ ਪਵਨ ਮਨੋਚਾ ਵਲੋਂ ਡੇਰਾ ਸਿੱਧ ਬਾਬਾ ਮੰਗਲ ਨਾਥ ਜੀ ਪ੍ਰਾਚੀਨ ਮਾਤਾ ਅੰਬਿਕਾ ਦੇਵੀ ਮੰਦਰ ਖਰੜ ਵਿਖੇ ਨਤਮਸਕ ਹੋ ਕੇ ਮੱਥਾ ਟੇਕਿਆ ਅਤੇ ਡੇਰਾ ਗੱਦੀ ਨਸ਼ੀਨ ਮਹੰਤ ਯੋਗੀ ਰਾਥ ਨਾਥ ਜੀ ਤੋਂ ਆਸ਼ੀਰਵਾਦ ਲਿਆ। ਉਨਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਵਲੋਂ ਉਨਾਂ ਦੇ ਭਰੋਸਾ ਪ੍ਰਗਟ ਕਰਦੇ ਹੋਏ ਉਨਾਂ ਨੂੰ ਉਪ ਚੋਣ ਲਈ ਉਮੀਦਵਾਰ ਬਣਾਇਆ ਗਿਆ ਹੈ ਅਤੇ ਉਹ ਖਰੜ ਸਹਿਰ ਨਿਵਾਸੀਆਂ ਦੀ ਸੇਵਾ ਕਰਨਗੇ। ਇਸ ਮੌਕੇ ਉਨਾਂ ਨਾਲ ਭਾਜਪਾ ਪੰਜਾਬ ਕਾਰਜਕਾਰਨੀ ਮੈਂਬਰ ਨਰਿੰਦਰ ਰਾਣਾ, ਅਰੁਣ ਜਿੰਦਲ, ਸ੍ਰੀ ਨਿਵਾਸ ਸਮੇਤ ਹੋਰ ਆਗੂ ਹਾਜ਼ਰ ਸਨ।

# ਪੈਨਸ਼ਨਰਜ਼ ਐਸੋਸੀਏਸ਼ਨ ਜਲੰਧਰ ਦਾ 15ਵਾਂ ਪੈਨਸ਼ਨਰ ਦਿਵਸ 15 ਦਸੰਬਰ ਨੂੰ ਮਨਾਇਆ ਜਾਵੇਗਾ

ਫ਼ਗਵਾੜਾ ( ਸੁਸ਼ੀਲ ਸ਼ਰਮਾ )

ਪੰਜਾਬ ਸਟੇਟ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੀ ਮੀਟਿੰਗ ਪਿਛਲੇ ਦਿਨੀਂ ਪ੍ਰਧਾਨ ਪਿਆਰਾ ਸਿੰਘ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਵਿੱਚ ਹਾਜ਼ਰ ਮੈਂਬਰਾਂ ਨੇ ਸਰਬ ਸੰਮਤੀ ਨਾਲ 14 ਦਸੰਬਰ ਨੂੰ ਓਪਨ ਏਅਰ ਥੀਏਟਰ ਵਿਰਸਾ ਵਿਹਾਰ ਨੇੜੇ ਵੱਡਾ ਡਾਕਘਰ ਜਲੰਧਰ ਵਿਖੇ ਮਨਾਉਣ ਦਾ ਫੈਸਲਾ ਕੀਤਾ।ਇਹ ਪ੍ਰੋਗਰਾਮ ਸਵੇਰੇ 10 ਵਜੇ ਤੋਂ 02 ਵਜੇ ਤੱਕ ਮਨਾਇਆ ਜਾਵੇਗਾ। ਜਿਸ ਦੇ ਮੁੱਖ ਮਹਿਮਾਨ ਮਾਨ ਯੋਗ ਸ.ਕਰਮ ਸਿੰਘ ਧਨੋਆ ਪ੍ਰਧਾਨ ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸ਼ਨ ਹੋਣਗੇ।ਇਸ ਸਮਾਗਮ ਵਿੱਚ ਜ਼ਿੰਦਗੀ ਦੀਆਂ ਅੱਸੀ ਬਹਾਰਾਂ ਮਾਣ ਚੁੱਕੇ 35 ਪੈਨਸ਼ਨਰਾਂ ਨੂੰ ਆਪਣੇ ਕਰ ਕਮਲਾਂ ਨਾਲ ਸਨਮਾਨਿਤ ਕਰਨਗੇ।ਇਸ ਸਮਾਗਮ ਵਿੱਚ ਸ੍ਰੀ ਮਤੀ ਮਨਜੀਤ ਕੌਰ ਜ਼ਿਲ੍ਹਾ ਖ਼ਜ਼ਾਨਾ ਅਫ਼ਸਰ ਜਲੰਧਰ, ਸ਼੍ਰੀ ਰਾਕੇਸ਼ ਭਾਟੀਆ ਚੀਫ਼ ਮੈਨੇਜਰ ਸੀ.ਪੀ.ਪੀ.ਸੀ.ਪੰਜਾਬ ਨੈਸ਼ਨਲ ਬੈਂਕ ਲੁਧਿਆਣਾ, ਸ਼੍ਰੀ ਨੌਰਮਲ ਸਿੰਘ ਜੀ ਏ ਜੀ ਐੱਮ ਸਟੇਟ ਬੈਂਕ ਆਫ ਇੰਡੀਆ ਸਿਵਲ ਲਾਈਨਜ ਜਲੰਧਰ, ਸ਼੍ਰੀ ਮਹਿੰਦਰ ਸਿੰਘ ਦੀਵਾਨਾ ਜੀ ਸੀਨੀਅਰ ਪੈਨਸ਼ਨਰ ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸ਼ਨ ਗੈਸਟ ਆਫ਼ ਆਨਰ ਹੋਣਗੇ।ਇਹ ਸਾਰੇ ਮਹਿਮਾਨ ਆਪਣੇ ਵਿਚਾਰ ਰੱਖਣਗੇ ਅਤੇ ਪੈਨਸ਼ਨਰਾਂ ਦੀਆਂ ਮੁਸਕਲਾਂ ਸੁਣਨਗੇ ਅਤੇ ਉਹਨਾਂ ਦੇ ਹੱਲ ਦੱਸਣਗੇ।



ਸ.ਅਵਤਾਰ ਸਿੰਘ ਪ੍ਰੈਸ ਸਕੱਤਰ ਅਤੇ ਮਾਸਟਰ ਮਨੋਹਰ ਲਾਲ ਜਨਰਲ ਸਕੱਤਰ ਵਲੋਂ ਜਾਣਕਾਰੀ ਦਿੱਤੀ ਜਾਵੇਗੀ ਕਿ ਕਿਸ ਤਰ੍ਹਾਂ ਪੰਜਾਬ ਦੀ ਮੌਜੂਦਾ ਸਰਕਾਰ ਵੀ ਪਹਿਲੀਆਂ ਸਰਕਾਰਾਂ ਵਾਂਗ ਹੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨਾਲ ਧੱਕਾ ਕਰ ਰਹੀਆਂ ਹਨ। ਤਿੰਨ ਸਾਲ ਦਾ ਸਮਾਂ ਬੀਤ ਜਾਣ ਦੇ ਬਾਅਦ ਵੀ ਪੈਂਨਸ਼ਨ ਰੀਵਾਈਜ ਕਰਨ ਲਈ 2.59 ਦਾ ਗੁਣਾਂਕ ਲਾਗੂ ਨਹੀਂ ਕੀਤਾ,ਪੇ ਕਮਿਸ਼ਨ ਦੇ 66 ਮਹੀਨਿਆਂ ਦੇ ਬਕਾਏ ਦੇਣ ਸੰਬੰਧੀ ਪੱਤਰ ਜਾਰੀ ਨਹੀਂ ਕੀਤਾ।ਡੀ ਏ ਦੀਆਂ ਰਹਿੰਦੀਆਂ 11 ਪ੍ਰਤੀਸ਼ਤ ਦੀਆਂ ਕਿਸ਼ਤਾਂ ਜਾਰੀ ਨਹੀਂ ਕੀਤੀਆਂ ਅਤੇ ਨਾ ਹੀ ਡੀ ਏ ਦੇ ਪਿਛਲੇ ਰਹਿੰਦੇ ਬਕਾਏ ਦਿੱਤੇ ਜਾ ਰਹੇ ਹਨ। ਪੈਨਸ਼ਨਰ ਆਗੂਆਂ ਨੂੰ ਅਨੇਕਾਂ ਵਾਰ ਮੀਟਿੰਗਾਂ ਦਾ ਸਮਾਂ ਦੇ ਕੇ ਪੰਜਾਬ ਦੇ ਮੁੱਖ ਮੰਤਰੀ ਸਾਹਿਬ ਸ.ਭਗਵੰਤ ਸਿੰਘ ਮਾਨ ਵਲੋਂ ਕਦੀ ਵੀ ਮੀਟਿੰਗ ਨਹੀਂ ਕੀਤੀ। ਜਿਸ ਕਾਰਨ ਪੈਨਸ਼ਨਰਾਂ ਵਿੱਚ ਬਹੁਤ ਹੀ ਜ਼ਿਆਦਾ ਰੋਸ ਪਾਇਆ ਜਾ ਰਿਹਾ ਹੈ। ਜਲੰਧਰ ਜ਼ਿਲ੍ਹੇ ਦੇ ਸਮੂਹ ਪੈਨਸ਼ਨਰਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ 14 ਦਸੰਬਰ ਨੂੰ ਸਮੇਂ ਸਿਰ ਪੁੱਜ ਕੇ ਪੈਨਸ਼ਨਰ ਦਿਵਸ ਦੇ ਸਮਾਗਮ ਨੂੰ ਕਾਮਯਾਬ ਕਰਨ ਦੀ ਕਿਰਪਾਲਤਾ ਕੀਤੀ ਜਾਵੇ। ਸਮਾਗਮ ਦੌਰਾਨ ਪੂਰੇ ਸਾਲ ਦੌਰਾਨ ਹੋਈਆਂ ਸਰਗਰਮੀਆਂ ਸੰਬੰਧੀ ਪੰਜਾਬ ਦੇ ਪ੍ਰਧਾਨ ਜੀ ਚਾਨਣਾ ਪਾਉਣਗੇ।

# 16ਵਾਂ ਵਿਸ਼ਾਲ ਨਗਰ ਕੀਰਤਨ 15 ਦਸੰਬਰ ਨੂੰ

ਖਰੜ, ( ਕਾਲਾ ਸਿੰਘ ਸੈਣੀ )- ਸਮੂਹ ਗੁਰਦੁਆਰਾ ਤਾਲਮੇਲ ਕਮੇਟੀ ਖਰੜ ਵਲੋਂ ਸ਼ਹੀਦ ਭਾਈ ਬਚਿੱਤਰ ਸਿੰਘ ਗੱਤਕਾ ਅਖਾੜਾ ਖਰੜ ਅਤੇ ਖਰੜ ਸ਼ਹਿਰ ਨਿਵਾਸੀਆਂ ਅਤੇ ਗੁਰਦੁਆਰਾ ਸਾਹਿਬ ਕਮੇਟੀਆਂ ਦੇ ਸਹਿਯੋਗ ਨਾਲ ਹਰ ਸਾਲ ਦੀ ਤਰਾਂ ਧੰਨ ਮਾਤਾ ਗੁਜਰ ਕੌਰ ਜੀ, ਸਾਹਿਬਜ਼ਾਦੇ ਬਾਬਾ ਅਜੀਤ ਸਿੰਘ, ਬਾਬਾ ਜੁਝਾਰ,ਬਾਬਾ ਜੋਰਾਵਰ ਸਿੰਘ, ਬਾਬਾ ਫਤਿਹ ਸਿੰਘ ਜੀ ਦੀ ਮਹਾਨ ਕੁਰਬਾਨੀ ਨੂੰ ਸਮਰਪਿਤ '16 ਵਿਸ਼ਾਲ ਨਗਰ ਕੀਰਤਨ' 15 ਦਸੰਬਰ ਨੂੰ ਗੁਰਦੁਆਰਾ ਸ੍ਰੀ ਗੁਰੂ ਹਰਿਰਾਏ ਸਾਹਿਬ, ਐਲ.ਆਈ.ਸੀ. ਕਲੋਨੀ ਮੁੰਡੀ ਖਰੜ ਤੋਂ ਆਰੰਭ ਹੋਵੇਗਾ ਜੋ ਇਤਿਹਾਸਿਕ ਧਰਤੀ ਸ੍ਰੀ ਫਤਿਹਗੜ ਸਾਹਿਬ ਵਿਖੇ ਪਹੁੰਚੇਗਾ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਧਾਨ ਹਰਨੇਕ ਸਿੰਘ, ਜਸਮੇਰ ਸਿੰਘ,ਗੁਰਮਿੰਦਰ ਸਿੰਘ ਸਮੇਤ ਸਮੂਹ ਗੁਰਦੁਆਰਾ ਤਾਲਮੇਲ ਕਮੇਟੀ ਖਰੜ ਦੇ ਮੈਂਬਰਾਂ ਅਤੇ ਪ੍ਰਬੰਧਕਾਂ ਨੇ ਦੱਸਿਆ ਕਿ ਸਿੱਖੀ ਦੇ ਮਹਿਲ ਨੂੰ ਆਪਣੇ ਜੀਵਨ ਦਾ ਬਲਦਾਨ ਦੇ ਕੇ ਉਸਾਰਨ ਵਾਲੇ ਕੌਮ ਦੇ ਮਹਾਨ ਸ਼ਹੀਦਾਂ ਨੂੰ ਸਮਰਪਿਤ ਇਹ ਵਿਸ਼ਾਲ ਨਗਰ ਕੀਰਤਨ ਹਰ ਸਾਲ ਦੀ ਤਰਾਂ ਇਸ ਵਾਰੀ ਗਿਲਕੋ ਵੈਲੀ, ਚੰਡੀਗੜ ਰੋਡ, ਬੱਸ ਸਟੈਂਡ, ਰੰਧਾਵਾ ਰੋਡ, ਜੋਤੀ ਸਰੂਪ ਕੰਨਿਆ ਆਸਰਾ, ਪੀਰ ਸੁਹਾਣਾ, ਬਜਹੇੜੀ,ਰੋੜਾ, ਸੋਤਲ, ਖੇੜੀ, ਕੱਜਲ ਮਾਜਰਾ,ਨੰਦਪੁਰ ਕਲੌੜ, ਮਾਰਵਾ ਕੋਟਲਾ, ਭੰਗੂਆਂ ਚੌਂਕ, ਗੁਣੀਆਂ ਮਾਜਰੀ, ਦੇਦੜਾਂ, ਘਮੰਡਗੜ, ਮਹਮੂਦਪੁਰ ਸੋਢੀਆਂ, ਫਤਿਹਪੁਰ ਰਾਈਆਂ,ਮੁਹੱਦਦੀਆਂ ਤੋਂ ਹੁੰਦੇ ਹੋਏ ਸ੍ਰੀ ਫਤਿਹਗੜ ਸਾਹਿਬ ਵਿਖੇ ਪਹੁੰਚੇਗਾ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ। ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ। ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ। ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ। ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਮਹਾਂਰਾਸਟਰ ਤੇ ਪੰਜਾਬ ਵਿਚ 'ਮਜ਼ਬੂਤ ਭਾਈਚਾਰੇ' ਦੇ ਉਦੇਸ਼ ਨਾਲ ਹਰ ਸਾਲ ਵੱਡੀ ਗਿਣਤੀ ਵਿਚ ਸੰਗਤਾਂ ਯਾਤਰਾ ਨਾਲ ਜੁੜਦੀਆਂ: ਪੰਦਰੀਨਾਥ ਬੋਕਾਰੇ

ਖਰੜ, ( ਕਾਲਾ ਸਿੰਘ ਸੈਣੀ )- ਨਾਨਕ ਸਾਈਂ ਫਾਊਡੇਸ਼ਨ ਸ੍ਰੀ ਹਜ਼ੂਰ ਸਾਹਿਬ ਨਾਦੇੜ ਵਲੋਂ ਗੁਰਦੁਆਰਾ ਲੰਗਰ ਸਾਹਿਬ ਸ੍ਰੀ ਹਜ਼ੂਰ ਸਾਹਿਬ ਨਾਦੇੜ ਦੇ ਮੁੱਖੀ ਸੰਤ ਬਾਬਾ ਨਰਿੰਦਰ ਸਿੰਘ ਜੀ ਅਤੇ ਸੰਤ ਬਾਬਾ ਬਲਵਿੰਦਰ ਸਿੰਘ ਜੀ ਦੇ ਆਸ਼ੀਰਵਾਦ ਸਦਕਾ ਪਿਛਲੇ 21 ਸਾਲਾਂ ਤੋਂ ਪੰਜਾਬ ਅਤੇ ਮਹਾਂਰਾਸ਼ਟਰ ਵਿਚ 'ਮਜ਼ਬੂਤ ਭਾਈਚਾਰੇ' ਦੇ ਉਦੇਸ਼ ਨਾਲ ਕੰਮ ਕਰਦੇ ਹੋਏ ਹਰ ਸਾਲ ਸ੍ਰੀ ਹਜ਼ੂਰ ਸਾਹਿਬ ਤੋਂ ਪੰਜਾਬ, ਹਰਿਆਣਾ, ਦਿੱਲੀ ਸਮੇਤ ਹੋਰ ਥਾਕਾਂ ਤੇ ਧਾਰਮਿਕ ਸਥਾਨਾਂ ਨੂੰ ਯਾਤਰਾ ਲੈ ਕੇ ਜਾਂਦੇ ਹਨ। ਨਾਨਕ ਸਾਈ ਫਾਊਡੇਸ਼ਨ ਸ੍ਰੀ ਹਜ਼ੂਰ ਸਾਹਿਬ ਦੇ ਮੁੱਖੀ ਪੱਦਰੀਨਾਥ ਬੋਕਾਰੇ ਨੇ ਦਸਿਆ ਕਿ ਸੰਤ ਨਾਮਦੇਵ ਘੁਮਾਣ ਸਦਭਾਵਨਾ ਯਾਤਰਾ ਦੇ 11 ਸਾਲ ਪੂਰੇ ਹੋਣ ਤੇ ਸੈਂਟਰਲ ਪਾਰਕ ਨਾਦੇੜ ਵਿਖੇ ਇੱਕ ਸਮਾਗਮ ਕਰਵਾਇਆ ਗਿਆ ਜਿਸ ਵਿਚ ਰੁਪਿੰਦਰ ਸਿੰਘ ਸ਼ਾਮਪੁਰਾ ਵਲੋਂ ਵਿਸੇਸ ਤੌਰ ਤੇ ਹਾਜ਼ਰੀ ਲਗਵਾਈ। ਇਸ ਸਮਾਗਮ ਵਿਚ ਵੱਖ ਵੱਖ ਬੁਲਾਰਿਆਂ ਵਲੋਂ ਸਦਭਾਵਨਾ ਯਾਤਰਾ ਨੂੰ ਲੈ ਕੇ ਆਪਣੇ ਆਪਣੇ ਵਿਚਾਰ ਪੇਸ਼ ਕੀਤੇ ਅਤੇ ਸ਼ਲਾਘਾ ਕਰਦਿਆ ਕਿਹਾ ਕਿ



ਇਸ ਯਾਤਰਾ ਨਾਲ ਪੰਜਾਬ ਤੇ ਮਹਾਂਰਾਸ਼ਟਰ ਦੀਆਂ ਸੰਗਤਾਂ ਵਿਚ ਆਪਸੀ ਭਾਈਚਾਰਾ ਹੋਰ ਮਜ਼ਬੂਤ ਹੋਇਆ ਹੈ। ਸਮਾਗਮ ਵਿਚ ਨਾਨਕ ਸਾਈ ਫਾਊਡੇਸ਼ਨ ਦੇ ਮੁੱਖੀ ਸੰਭਾਜੀ ਰਾਓ ਧੂਲਗੁੰਡੇ, ਜੋਗਰਾਜ ਸਿੰਘ ਕਾਲਾ, ਡਾ. ਸੁਰਗੁਣ ਕੌਰ , ਹਰਨੂਰ ਸਿੰਘ ਦੇਹੂ, ਡਾ.ਆਤਮਾ ਰਾਮ ਵਨੂਲੇ, ਚਰਨ ਸਿੰਘ ਪਵਾਰ, ਮਹਿੰਦਰ ਸਿੰਘ ਪਡਾਲ, ਪ੍ਰੋ.ਪੁੰਡਲੀਕਰਾਓ ਬੋਕਾਰੇ, ਸੁਭਾਸ ਗੁੰਡਰੇ, ਚੰਦਰਕਾਂਤ ਪਵਾਰ, ਪਾਂਡੁਰੰਗ ਚਵਾਨ ਸਮੇਤ ਹੋਰ ਪ੍ਰਬੰਧਕ, ਸੇਵਾਦਾਰ, ਸਰਧਾਲੂ ਅਤੇ ਸੰਗਤਾਂ ਹਾਜ਼ਰ ਸਨ। ਸਮਾਗਮ ਵਿਚ ਸਦਭਾਵਨਾ ਯਾਤਰਾਂ ਲਈ ਸਹਿਯੋਗ ਦੇਣ ਵਾਲੀਆਂ ਸੰਗਤਾਂ, ਪ੍ਰਬੰਧਕਾਂ ਅਤੇ ਧਾਰਮਿਕ ਆਗੂਆਂ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ।

ਰੋਜ਼ਾਨਾ ਲੋਕ ਬਾਣੀ www.lokbani

# ਕਿਸ਼ਾਨੀ ਸੰਘਰਸ਼ ਵਿੱਚ ਖਨੌਰੀ ਬਾਰਡਰ ਤੇ ਜਿਲਾ ਮੁਹਾਲੀ ਤੋਂ ਯੂਨੀਅਨ ਆਗੂਆਂ ਨੇ ਕੀਤੀ ਸ਼ਮੂਲੀਅਤ



ਖਰੜ, ( ਕਾਲਾ ਸਿੰਘ ਸੈਣੀ )-ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਸਮੇਤ ਹੋਰ ਕਿਸਾਨ ਜਥੇਬੰਦੀਆਂ ਵਲੋਂ ਕਿਸਾਨੀ ਮੰਗਾਂ ਨੂੰ ਲੈ ਕੇ ਸੰਭੂ ਅਤੇ ਖਨੌਰੀ ਬਾਰਡਰਾਂ ਤੇ ਕੇਂਦਰ ਸਰਕਾਰ ਦੇ ਖਿਲਾਫ ਰੋਸ ਧਰਨੇ ਦਿੱਤੇ ਜਾ ਰਹੇ ਹਨ। ਉਸ ਰੋਸ ਧਰਨੇ ਵਿਚ ਭਾਰਤੀ ਕਿਸਾਨ ਯੂਨੀਅਨ ਏਕਤਾ ਮੁਹਾਲੀ ਯੂਨੀਅਨ ਦੇ ਸੂਬਾ ਪ੍ਰੈਸ ਸਕੱਤਰ ਮੇਹਰ ਸਿੰਘ ਥੇੜੀ ਦੀ ਅਗਵਾਈ ਵਿਚ ਕਿਸਾਨਾਂ ਵਲੋਂ ਸ਼ਮੂਲੀਅਤ ਕੀਤੀ ਗਈ। ਮੇਹਰ ਸਿੰਘ ਥੇਹੜੀ ਨੇ ਦਸਿਆ ਕਿ ਯੂਨੀਅਨ ਦੇ ਸੂਬਾ ਪ੍ਰਧਾਨ ਜਗਜੀਤ ਸਿੰਘ ਡੱਲੇਵਾਲ ਵਲੋਂ ਖਨੌਰੀ ਬਾਰਡਰ ਤੇ ਕਿਸਾਨੀ ਮੰਗਾਂ ਨੂੰ ਲੈ ਕੇ ਮਰਨ ਵਰਤ ਰੱਖਿਆ ਹੋਇਆ ਹੈ, ਉਸ ਵਿਚ ਕਿਸਾਨ ਭਰਾਵਾਂ ਤੇ ਸਮਾਜ ਦੇ ਹਰੇਕ ਵਰਗ ਤੋਂ ਸਹਿਯੋਗ ਮੰਗਿਆ ਗਿਆ ਹੈ। ਉਨਾਂ ਕੇਂਦਰ ਅਤੇ ਪੰਜਾਬ ਸਰਕਾਰ ਤੇ ਤਿੱਖੇ ਹਮਲੇ ਕਰਦਿਆ ਕਿਹਾ ਕਿ ਸਰਕਾਰਾਂ ਕਿਸਾਨੀ ਮਸਲੇ ਹੱਲ ਕਰਨ ਦੀ ਬਿਜਾਏ ਕਿਸਾਨ ਨੂੰ ਬਾਰਡਰਾਂ ਤੇ ਬੈਠਣ ਲਈ ਮਜ਼ਬੂਤ ਕੀਤਾ ਹੋਇਆ ਹੈ। ਉਨਾਂ ਕਿਹਾ ਕਿ ਹਰੇਕ ਪਿੰਡ ਤੋਂ ਬਾਰਡਰਾਂ ਤੇ ਹਰੇਕ ਸਮਾਜ ਦੇ ਲੋਕ ਪੁੱਜ ਕੇ ਜਗਜੀਤ ਸਿੰਘ ਡੱਲੇਵਾਲ ਦੇ ਮਰਨ ਵਰਤ ਦੇ ਸਮੱਰਥਨ ਵਿਚ ਆਉਣ ਤਾਂ ਕਿ ਸਰਕਾਰਾਂ ਦੀਆਂ ਅੱਖਾਂ ਖੁੱਲ ਸਕਣ। ਇਸ ਮੌਕੇ ਬਲਾਕ ਖਰੜ ਦੇ ਪ੍ਰਧਾਨ ਸੁਰਮੁੱਖ ਸਿੰਘ, ਬਹਾਦਰ ਸਿੰਘ ਨਿਆਮੀਆਂ, ਮਹਿੰਦਰ ਸਿੰਘ ਗੜਾਗਾਂ, ਮਨਪ੍ਰੀਤ ਸਿੰਘ ਖੇੜੀ, ਅਵਤਾਰ ਸਿੰਘ ਛੱਜੂਮਾਜਰਾ, ਸਮੇਤ ਹੋਰ ਆਗੂ ਹਾਜ਼ਰ ਸਨ।

# ਗੁਰਲਗਨ ਫੈਡਰੇਸ਼ਨ ਵੱਲੋਂ ਹਾਕੀ ਖਿਡਾਰੀਆਂ ਨੂੰ ਕਿੱਟਾ ਦਿੱਤੀਆਂ

ਸੰਦੌੜ (ਲੋਕ ਬਾਣੀ) ਗੁਰਲਗਨ ਫੈਡਰੇਸ਼ਨ ਕਨੈਡਾ ਵੱਲੋਂ ਪਿੰਡ ਕੁਠਾਲਾ ਦੇ ਵਿੱਚ ਹਾਕੀ ਖੇਡਣ ਵਾਲੇ ਸੈਂਕੜੇ ਬੱਚਿਆਂ ਨੂੰ ਖੇਡ ਕਿੱਟਾ ਦੇ ਕੇ ਖੇਡਾਂ ਨਾਲ ਜੋੜਨ ਦਾ ਵੱਡਾ ਉਪਰਾਲਾ ਕੀਤਾ ਗਿਆ ਹੈ, ਇਸ ਮੌਕੇ ਹੋਏ ਸਮਾਗਮ ਦੇ ਵਿੱਚ ਹਾਕੀ ਉਲੰਪੀਅਨ ਅਤੇ ਮਾਲੇਰਕੋਟਲਾ ਦੇ ਐਸ ਐਸ ਪੀ ਗਗਨਅਜੀਤ ਸਿੰਘ ਵੱਲੋਂ ਮੁੱਖ ਮਹਿਮਾਨ ਦੇ ਤੌਰ ਤੇ ਸ਼ਿਰਕਤ ਕੀਤੀ ਗਈ ਅਤੇ ਖਿਡਾਰੀਆਂ ਨੂੰ ਕਿੱਟਾ ਦਿੱਤੀਆਂ ਗਈਆਂ ਇਸ ਮੌਕੇ ਬੋਲਦਿਆਂ ਐਸ ਐਸ ਪੀ ਗਗਨਅਜੀਤ ਸਿੰਘ ਨੇ ਕਿਹਾ ਕੇ ਜ਼ੇਕਰ ਮਿਹਨਤ ਕੀਤੀ ਜਾਵੇ ਅਤੇ ਖੇਡ ਵੱਲ ਪੂਰਾ ਧਿਆਨ ਦਿੱਤਾ ਜਾਵੇ ਤਾਂ ਪਿੰਡ ਪੱਧਰ ਦੇ ਗਰਾਊਡ ਤੋਂ ਵੀ ਦੇਸ਼ ਪੱਧਰ ਤੱਕ ਖੇਡਿਆ ਜਾ ਸਕਦਾ ਹੈ,ਉਹਨਾਂ ਅੱਗੇ ਕਿਹਾ ਕੇ ਪਿੰਡ ਕੁਠਾਲਾ ਦੇ ਵਿੱਚ ਚੇਅਰਮੈਨ ਕਰਮਜੀਤ ਸਿੰਘ, ਲਖਵੀਰ ਸਿੰਘ ਗਰੇਵਾਲ ਕਨੈਡਾ, ਗੁਰਲਗਨ ਫਾਊਂਡੇਸ਼ਨ ਅਤੇ ਪੂਰੀ ਟੀਮ ਵਧਾਈ ਦੀ ਪਾਤਰ ਹੈ ਜੋ ਬੱਚਿਆਂ ਨੂੰ ਖੇਡਾਂ ਦੇ ਨਾਲ ਜੋੜਨ ਲਈ ਉਪਰਾਲਾ ਕਰ ਰਹੇ ਹਨ ਅਤੇ ਕੋਚ ਕਿੰਦੀ ਧਾਲੀਵਾਲ ਦੀ ਵੀ ਸਲਾਘਾ ਕਰਨੀ ਬਣਦੀ ਹੈ ਜਿਹੜੇ ਬਿਨਾਂ ਕਿਸੇ ਆਰਥਿਕ ਲਾਭ ਦੇ ਬੱਚਿਆਂ ਨੂੰ ਰੋਜਾਨਾ ਅਭਿਆਸ ਕਰਾਉਂਦੇ ਹਨ, ਉਹਨਾਂ ਕਿਹਾ ਕੇ ਖੇਡ ਦੇ ਵਿੱਚ ਖਿਡਾਰੀ ਹਮੇਸ਼ਾ ਸਿੱਖਦਾ ਹੈ ਗੋਲ ਕਰਨਾ ਵੀ ਸਿਖਾਉਂਦਾ ਹੈ ਅਤੇ ਗੋਲ ਨਾ ਕਰ ਸਕਣਾ ਤੇ ਅੱਗੇ ਤੋਂ ਵੱਧ ਤਿਆਰੀ ਨਾਲ ਮੈਦਾਨ ਵਿੱਚ ਉਰਤਨਾ ਵਿੱਚ ਸਿੱਖਿਆ ਦਿੰਦਾ ਹੈ, ਉਹਨਾਂ ਕਿਹਾ ਕੇ ਇੱਕ ਖਿਡਾਰੀ ਦਾ ਮਨੋਬਲ ਆਮ ਵਿਅਕਤੀਆਂ ਨਾਲੋਂ ਵੱਧ ਹੁੰਦਾ ਹੈ ਅਤੇ ਖਿਡਾਰੀ ਜਿੱਥੇ ਮੈਦਾਨ ਦੇ ਵਿੱਚ ਚਣੋਤੀਆਂ ਦਾ ਸਾਹਮਣਾ ਕਰਦਾ ਹੈ ਉੱਥੇ ਹੀ ਜਿੰਦਗੀ ਦੀਆਂ ਚਣੋਤੀਆ ਦਾ ਸਾਹਮਣਾ ਕਰਨ ਲਈ ਮਜਬੂਤ ਬਣਦਾ ਹੈ, ਉਹਨਾਂ ਕਿਹਾ ਕੇ ਬੱਚਿਆਂ ਨੂੰ ਖੇਡਾਂ ਵੱਲ ਮੋੜਨਾ ਬਹੁਤ ਜਰੂਰੀ ਹੈ ਤਾਂ ਜੋ ਬੱਚੇ ਨਸ਼ਿਆਂ ਤੋਂ ਦੂਰ ਰਹਿੰਦੇ ਹੋਏ ਆਪਣੇ ਪਿੰਡ, ਸੂਬੇ ਤੇ ਦੇਸ਼ ਦਾ ਨਾਮ ਰੌਸ਼ਨ ਕਰ ਸਕਣ ਤੇ ਦੇਸ਼ ਲਈ ਖੇਡ ਕੇ ਦੇਸ਼ ਦੇ ਝੰਡੇ ਨੂੰ ਮੈਦਾਨ ਵਿੱਚ ਉੱਚਾ ਚੁੱਕ ਸਕਣ ਇਸ ਮੌਕੇ ਚੇਅਰਮੈਨ





ਕਰਮਜੀਤ ਸਿੰਘ ਕੁਠਾਲਾ,ਪ੍ਰਿੰਸੀਪਲ ਰਾਜਿੰਦਰ ਕੁਮਾਰ,ਜਸਵੀਰ ਸਿੰਘ ਸੀਰਾ ਗਰੇਵਾਲ, ਰਾਮਿੰਦਰ ਸਿੰਘ ਮਾਨ,ਕਿੰਦੀ ਧਾਲੀਵਾਲ,ਬਲਵੀਰ ਸਿੰਘ ਸੰਧੂ,ਰਾਜੇਸ਼ ਰਿਖੀ,ਗੁਰੀ ਚਹਿਲ,ਤਲਵਿੰਦਰ ਸਿੰਘ ਪੰਚ, ਰਣਜੀਤ ਸਿੰਘ ਪੰਚ, ਗੁਰਮੀਤ ਸਿੰਘ ਪੰਚ, ਜੋਨੀ ਚਹਿਲ ਸਮੇਤ ਵੱਡੀ ਗਿਣਤੀ ਵਿੱਚ ਪਤਵੰਤੇ ਤੇ ਖਿਡਾਰੀ ਹਾਜ਼ਰ ਸਨ

# ਕਾਨਪੁਰ ਚ ACP ਨੇ IIT ਵਿਦਿਆਰਥੀ ਨਾਲ ਬਲਾਤਕਾਰ ਕੀਤਾ: CP ਨੇ FIR ਦਾ ਹੁਕਮ ਦਿੱਤਾ ਹੈ



ਕਾਨਪੁਰ (ਸੁਨੀਲ ਬਾਜਪਾਈ) ਇੱਥੋਂ ਤੱਕ ਕਿ ਕਾਨੂੰਨ ਦੇ ਰਖਵਾਲੇ ਕਹਾਉਣ ਵਾਲੇ ਪੁਲਿਸ ਮੁਲਾਜ਼ਮ ਵੀ ਔਰਤਾਂ ਨੂੰ ਤੰਗ-ਪ੍ਰੇਸ਼ਾਨ ਕਰਨ ਅਤੇ ਉਨ੍ਹਾਂ ਦਾ ਸ਼ੋਸ਼ਣ ਕਰਨ ਵਿੱਚ ਪਿੱਛੇ ਨਹੀਂ ਹਨ। ਅਜਿਹਾ ਹੀ ਇੱਕ ਮਾਮਲਾ ਸਾਹਮਣੇ ਆਇਆ ਹੈ ਅਤੇ ਇੱਥੋਂ ਦੇ ਪੁਲਿਸ ਵਿਭਾਗ ਵਿੱਚ ਵੀ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ। ਜਿਸ ਅਨੁਸਾਰ ਇੱਕ ਪੁਲਿਸ ਅਧਿਕਾਰੀ ਨੇ ਇੱਕ 99" ਵਿਦਿਆਰਥੀ ਨਾਲ ਬਲਾਤਕਾਰ ਕੀਤਾ। ਇਲਜ਼ਾਮਾਂ ਦੀ ਜਾਂਚ ਤੋਂ ਬਾਅਦ ਘਟਨਾ ਦੀ ਸੱਚਾਈ ਸਾਹਮਣੇ ਆਉਣ ਤੋਂ ਬਾਅਦ ਪੁਲਿਸ ਕਮਿਸ਼ਨਰ ਅਖਿਲ ਕੁਮਾਰ ਨੇ ਏਸੀਪੀ ਅਨਵਰਗੰਜ ਮੋਹਸਿਨ ਖ਼ਾਨ ਖ਼ਿਲਾਫ਼ ਐਫਆਈਆਰ ਦਰਜ ਕਰਨ ਦੇ ਹੁਕਮ ਦਿੱਤੇ ਹਨ।

ਪੀੜਤ ਨੇ ਜਾਂਚ ਲਈ ਪਹੁੰਚੇ ਡੀਪੀ ਅਤੇ ਏਸੀਪੀ ਨੂੰ ਦੱਸਿਆ ਕਿ ਕਲੈਕਟਰਗੰਜ ਦੇ ਏਸੀਪੀ ਮੋਹਸਿਨ ਖਾਨ ਆਈਆਈਟੀ ਤੋਂ ਸਾਈਬਰ ਕ੍ਰਾਈਮ ਅਤੇ ਕ੍ਰਿਮਿਨੋਲੋਜੀ ਦੀ ਪੜ੍ਹਾਈ ਕਰ ਰਹੇ ਹਨ। ਉੱਥੇ ਉਹ ਇੱਕ ਰਿਸਰਚ ਸਕਾਲਰ ਦੇ ਨੇੜੇ ਹੋ ਗਿਆ ਅਤੇ ਉਸ ਨੂੰ ਪਿਆਰ ਵਿੱਚ ਫਸਾਉਣ ਵਿੱਚ ਕਾਮਯਾਬ ਹੋਣ ਤੋਂ ਬਾਅਦ ਉਸ ਨਾਲ ਬਲਾਤਕਾਰ ਕੀਤਾ। ਇਸ ਦੌਰਾਨ ਜਦੋਂ ਏ.ਸੀ.ਪੀ ਦੇ ਵਿਆਹ ਸਮੇਤ ਹੋਰ ਸੱਚਾਈ ਪੀੜਤਾ ਦੇ ਸਾਹਮਣੇ ਆਈ ਤਾਂ ਉਸ ਨੇ ਕਾਨਪੁਰ ਪੁਲਿਸ ਕਮਿਸ਼ਨਰ ਨੂੰ ਸ਼ਿਕਾਇਤ ਕੀਤੀ।

ਉਨ੍ਹਾਂ ਦੇ ਹੁਕਮਾਂ ਅਨੁਸਾਰ ਵੀਰਵਾਰ ਨੂੰ ਡੀਸੀਪੀ ਸਾਊਥ ਅੰਕਿਤ ਸ਼ਰਮਾ ਅਤੇ ਏਸੀਪੀ ਅਰਚਨਾ ਸਿੰਘ ਨੇ ਸਿਵਲ ਡਰੈੱਸ ਵਿੱਚ ਪੀੜਤਾ ਤੋਂ ਦੋ ਘੰਟੇ ਤੱਕ ਬੰਦ ਕਮਰੇ ਵਿੱਚ ਪੁੱਛਗਿੱਛ ਕੀਤੀ। ਜਿਸ ਵਿਚ ਏ.ਸੀ.ਪੀ ਤੇ ਲਗਾਏ ਗਏ ਦੋਸ਼ ਸਹੀ ਪਾਏ ਗਏ। ਫਿਲਹਾਲ ਏ.ਸੀ.ਪੀ ਨੂੰ ਉਸਦੇ ਅਹੁਦੇ ਤੋਂ ਹਟਾਉਣ ਚ ਭਾਈਵਾਲ ਪੁਲਿਸ ਕਮਿਸ਼ਨਰ ਅਖਿਲ ਕੁਮਾਰ ਨੇ ਦੋਸ਼ੀ ਏ.ਸੀ.ਪੀ ਖਿਲਾਫ ਬਲਾਤਕਾਰ ਸਮੇਤ ਗੰਭੀਰ ਧਾਰਾਵਾਂ ਤਹਿਤ ਰਿਪੋਰਟ ਦਰਜ ਕਰਨ ਦੇ ਹੁਕਮ ਦਿੱਤੇ ਹਨ। ਇਹ ਘਟਨਾ ਪੁਲੀਸ ਵਿਭਾਗ ਵਿੱਚ ਵੀ ਚਰਚਾ ਦਾ ਵਿਸ਼ਾ ਬਣੀ ਹੋਈ ਹੈ।

ਰੋਜ਼ਾਨਾ ਲੋਕ ਬਾਣੀ www.lokbani

# ਨਸ਼ਾ ਰੋਕੂ ਕਮੇਟੀ ਵੱਲੋਂ ਕਰਵਾਏ ਜਾਗਰੂਕਤਾ ਸੈਮੀਨਾਰ ਦੌਰਾਨ ਉਹ ਚਲਾ ਗਿਆ ਨਾਟਕ ਨੇ ਹਰ ਅੱਖ ਨਮ ਕੀਤੀ

ਸ਼ੇਰਪੁਰ , (ਲੋਕ ਬਾਣੀ) ਨਸ਼ਾ ਰੋਕੂ ਕਮੇਟੀ ਸ਼ੇਰਪੁਰ ਅਤੇ ਖੇੜੀ ਕਲਾਂ ਵੱਲੋਂ ਸ਼ੇਰਪੁਰ ਵਿਖੇ ਬਰਨਾਲਾ ਰੋਡ ਤੇ ਠੀਕਰੀ ਪਹਿਰਾ ਸਥਾਨ ਤੇ ਪਿਛਲੇ ਲੰਮੇ ਸਮੇਂ ਤੋਂ ਚੱਲ ਰਹੀ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਿਆਂ ਪ੍ਰਤੀ ਜਾਗਰੂਕ ਕਰਨ ਲਈ ਸੈਮੀਨਾਰ ਕਰਵਾਇਆ ਗਿਆ । ਜਿਸ ਵਿਚ ਮੁੱਖ ਮਹਿਮਾਨ ਵਜੋਂ ਸਰਤਾਜ ਸਿੰਘ ਚਾਹਲ, ਆਈਪੀਐਸ ਐਸਐਸਪੀ ਸੰਗਰੂਰ ਸ਼ਾਮਿਲ ਹੋਏ, ਜਦਕਿ ਉਹਨਾਂ ਨਾਲ ਮਨਦੀਪ ਸਿੰਘ ਸੰਧੂ ,ਪੀਪੀਐਸ ਐਸਪੀ ਸਬ ਡਵੀਜ਼ਨ ਧੂਰੀ ਹਾਜ਼ਰ ਰਹੇ ।ਜਿੱਥੇ ਸੈਮੀਨਾਰ ਦੌਰਾਨ ਲੜਾਂਗੇ ਸਾਥੀ ਥਿਏਟਰ ਗਰੁੱਪ ਪਟਿਆਲਾ ਵੱਲੋਂ ਅਨਾਇਤ ਦੇ ਲਿਖੇ ਤੇ ਡਾਇਰੈਕਟ ਕੀਤੇ ਨਾਟਕ ' ਉਹ ਚਲਾ ਗਿਆ ' ਨੇ ਹਰ ਇੱਕ ਨੂੰ ਭਾਵੁਕ ਕੀਤਾ ਉੱਥੇ ਪ੍ਰਸਿੱਧ ਕਵੀਸਰੀ ਜਥਾ ਭਾਈ ਮਨਜੀਤ ਸਿੰਘ ਬੁਟਾਹਰੀ ਦੇ ਜਥੇ ਅਤੇ ਗੁਰਵਿੰਦਰ ਸਿੰਘ ਮੱਖਣ ਦੇ ਜੱਥੇ ਬੇਟੀ ਕਮਲਪ੍ਰੀਤ ਕੌਰ ਕਮਲ , ਪਿੰਦਰਪਾਲ ਸਿੰਘ ਪਦਮ ਵੱਲੋਂ ਢਾਡੀ ਵਾਰਾਂ ਪੇਸ਼ ਕੀਤੀਆਂ ਗਈਆਂ। ਇਸ ਮੌਕੇ ਲੋਕਾਂ ਦੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਐਸਐਸਪੀ ਚਾਹਲ ਨੇ ਕਿਹਾ ਕਿ ਜਿਸ ਤਰ੍ਹਾਂ ਸਮੇਂ ਦੇ ਹਿਸਾਬ ਨਾਲ ਕੁਝ ਚੀਜ਼ਾ ਦੀ ਜਰੂਰਤ ਖਤਮ ਹੋ ਜਾਂਦੀ ਹੈ ਤਾਂ ਉਸ ਦੀ ਮੰਗ ਆਪਣੇ ਆਪ ਹੀ ਖਤਮ ਹੋ ਜਾਂਦੀ ਹੈ। ਉਹਨਾਂ ਕਿਹਾ ਕਿ ਜੇਕਰ ਨਸ਼ੇ ਦਾ ਪੂਰਨ ਰੂਪ ਵਿੱਚ ਖਾਤਮਾ ਕਰਨਾ ਹੈ ਤਾਂ ਨਸ਼ੇ ਦੀ ਮੰਗ ਨੂੰ ਖਤਮ ਕਰਨਾ ਹੋਵੇਗਾ ਭਾਵ ਕਿ ਨਸ਼ਾ ਕਰਨ ਵਾਲੇ ਲੋਕਾਂ ਦੀ ਸਨਾਖਤ ਕਰਕੇ ਉਹਨਾਂ ਦਾ ਇਲਾਜ ਜਾਂ ਕੌਂਸਲਿੰਗ ਰਾਹੀਂ ਉਹਨਾਂ ਨੂੰ ਨਸ਼ਾ ਮੁਕਤ ਕਰਨਾ ਹੋਵੇਗਾ। ਐਸਐਸਪੀ ਚਾਹਲ ਨੇ ਇਸ ਮੌਕੇ ਨਸ਼ਾ ਰੋਕੂ ਕਮੇਟੀ ਦੀ ਸਮੁੱਚੀ ਟੀਮ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਿਸ ਜ਼ੋਸੋ ਖਰੋਸ਼ ਨਾਲ ਨਸ਼ਾ ਰੋਕੂ ਕਮੇਟੀ ਸ਼ੇਰਪੁਰ ਅਤੇ ਖੇੜੀ ਕਲਾਂ ਕੰਮ ਕਰ ਰਹੀ ਹੈ ਉਸ ਦੀ ਉਦਾਹਰਨ ਹੋਰ ਕਿਧਰੇ ਵੀ ਦਿਖਾਈ ਨਹੀਂ ਦਿੰਦੀ। ਉਹਨਾਂ ਨਸ਼ਾ ਰੋਕੂ ਕਮੇਟੀ ਨੂੰ ਪੁਲਸ ਪ੍ਰਸ਼ਾਸਨ ਵੱਲੋਂ ਭਰਵਾਂ ਸਹਿਯੋਗ ਦੇਣ ਦਾ ਭਰੋਸਾ ਦਵਾਇਆ। ਦਿਨੋ ਦਿਨ ਵੱਧ ਰਹੇ ਸਾਈਬਰ ਕ੍ਰਾਈਮ ਸਬੰਧੀ ਜਾਣਕਾਰੀ ਦਿੰਦਿਆਂ ਚਾਹਲ ਨੇ ਦੱਸਿਆ ਕਿ ਜੇਕਰ ਕਿਸੇ ਵੀ ਵਿਅਕਤੀ ਦੇ ਬੈਂਕ ਖਾਤੇ ਵਿੱਚੋਂ ਛੋਟੀ ਜਾ ਵੱਡੀ ਰਕਮ ਨਿਕਲਦੀ ਹੈ ਤਾਂ ਉਸ ਦੀ ਜਾਣਕਾਰੀ ਤੁਰੰਤ 1930 ਨੰਬਰ ਤੇ ਦਿੱਤੀ ਜਾਵੇ । ਇਸ ਤੋਂ ਇਲਾਵਾ ਜੇਕਰ ਕਿਸੇ ਵਿਅਕਤੀ ਦੇ ਕੋਈ ਮੋਬਾਇਲ ਜਾਂ ਜਰੂਰੀ ਡਾਕੂਮੈਂਟ ਗੁੰਮ ਹੁੰਦੇ ਹਨ ਤਾਂ ਉਸਦੀ ਮੁਢਲੀ ਜਾਣਕਾਰੀ ਸੁਵਿਧਾ ਕੇਂਦਰ ਵਿੱਚ ਤੁਰੰਤ ਦਿੱਤੀ ਜਾਣੀ ਚਾਹੀਦੀ ਹੈ। ਚਾਹਲ ਨੇ ਦਿਨੋ ਦਿਨ ਵਧ ਰਹੇ ਵਿਦੇਸ਼ਾਂ ਵਿੱਚੋਂ ਠੱਗੀ ਦੇ ਮਾਮਲਿਆਂ ਦੀ ਜਾਣਕਾਰੀ ਦਿੰਦਿਆਂ ਕਿਹਾ ਕਿ ਬਿਨਾਂ ਕਿਸੇ ਪਹਿਚਾਣ ਤੋਂ ਕਿਸੇ ਵਿਅਕਤੀ ਨਾਲ ਆਪਣੇ ਮੋਬਾਈਲ ਦਾ ਡਾਟਾ ਸ਼ੇਅਰ ਨਾ ਕੀਤਾ ਜਾਵੇ ਅਤੇ ਕੋਈ ਵੀ ਮੋਬਾਇਲ ਤੇ ਆਏ ਅਣਜਾਣ ਲਿੰਕ ਨੂੰ ਨਾ ਖੋਲਿਆ ਜਾਵੇ। ਉਹਨਾਂ ਕਿਹਾ ਕਿ ਅੱਜ ਘਰੇਲੂ ਲੜਾਈ ਝਗੜੇ ਦੇ ਮਾਮਲੇ ਅਤੇ ਵਿਦੇਸ਼ਾਂ ਤੋਂ ਫਰਾਡ ਦੇ ਮਾਮਲੇ ਵਧੇਰੇ ਸਾਹਮਣੇ ਆ ਰਹੇ ਹਨ। ਐਸਐਸਪੀ ਚਾਹਲ ਨੇ ਸੋਸ਼ਲ ਮੀਡੀਆ ਤੇ ਆਪਣੀਆਂ ਪਰਿਵਾਰਕ ਫੋਟੋਆਂ ਅਤੇ ਆਪਣੇ ਬੱਚਿਆਂ ਨੂੰ ਸੋਸ਼ਲ ਮੀਡੀਆ ਤੇ ਅਣਜਾਣ ਵਿਅਕਤੀਆਂ ਨਾਲ ਗੱਲਬਾਤ ਤੋਂ ਦੂਰ ਰਹਿਣ ਦੀ ਸਲਾਹ ਦਿੱਤੀ । ਉਹਨਾਂ ਮਾਪਿਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਆਪਣੇ ਬੱਚਿਆਂ ਨੂੰ ਸੋਸ਼ਲ ਮੀਡੀਆ ਤੋਂ ਦੂਰ ਰੱਖਿਆ ਜਾਵੇ ਕਿਉਂਕਿ ਇਸ ਨਾਲ ਕਈ ਵਾਰ ਕੋਈ ਫੋਟੋਆਂ ਜਾਂ ਵੀਡੀਓ ਪ੍ਰੇਸ਼ਾਨੀ ਦਾ ਕਾਰਨ ਬਣ ਸਕਦੇ ਹਨ। ਉਹਨਾਂ ਨੇ ਕੁਝ ਉਦਾਹਰਨਾਂ ਵੀ ਲੋਕਾਂ ਨਾਲ ਸਾਂਝੀਆਂ ਕੀਤੀਆਂ। ਐਸਐਸਪੀ ਚਾਹਲ ਨੇ ਸੇਫ ਪੰਜਾਬ ਐਂਟੀ ਡਰੱਗ ਹੈਲਪਲਾਈਨ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਜੇਕਰ ਤੁਹਾਡੀ ਨਿਗਾ ਵਿੱਚ ਕੋਈ ਵਿਅਕਤੀ ਨਸ਼ਾ ਕਰਦਾ ਜਾਂ ਵੇਚਦਾ ਹੈ ਤਾਂ ਉਸਦੀ ਜਾਣਕਾਰੀ ਇਸ ਹੈਲਪਲਾਈਨ ਨੰਬਰ ਤੇ ਦਿੱਤੀ ਜਾ ਸਕਦੀ ਹੈ ਹੈ ਜਿਸ ਨਾਲ ਜਾਣਕਾਰੀ ਦੇਣ ਵਾਲੇ ਵਿਅਕਤੀ ਦੀ ਪਹਿਚਾਣ ਪੂਰਨ ਰੂਪ ਵਿੱਚ ਗੁਪਤ ਰਹਿੰਦੀ ਹੈ। ਇਸ ਸੈਮੀਨਾਰ ਵਿੱਚ ਪੁੱਜੇ ਬੱਚਿਆਂ ਨੂੰ ਉਹਨਾਂ ਕਿਹਾ ਕਿ ਜ਼ਿੰਦਗੀ ਦੇ ਵਿੱਚ ਆਪਣਾ ਆਉਣ ਵਾਲੇ ਕੱਲ ਦਾ ਸਮਾਂ ਨਿਸ਼ਚਿਤ ਕਰਕੇ ਹੀ ਤੁਸੀਂ ਮੰਜ਼ਿਲਾਂ ਨੂੰ ਪ੍ਰਾਪਤ ਕਰ ਸਕਦੇ ਹੋ। ਇੱਕ ਵਾਰ ਉਹਨਾਂ ਫੇਰ ਸਮੁੱਚੀ ਨਸ਼ਾ ਰੋਕੂ ਕਮੇਟੀ ਸ਼ੇਰਪੁਰ ਦੀ ਟੀਮ ਦਾ ਧੰਨਵਾਦ ਕੀਤਾ ਜੋ ਪਿਛਲੇ ਲੰਮੇ ਸਮੇਂ ਤੋਂ ਨਸ਼ਿਆਂ ਦੇ ਖਿਲਾਫ ਪੁਲਸ ਪ੍ਰਸ਼ਾਸਨ ਦੇ ਨਾਲ ਸਹਿਯੋਗ ਕਰ ਰਹੀ ਹੈ। ਇਸ ਮੌਕੇ ਇੰਸਪੈਕਟਰ ਬਲਵੰਤ ਸਿੰਘ ਬਲਿੰਗ ਐਸ ਐਚ ਓ ਥਾਣਾ ਸ਼ੇਰਪੁਰ , ਮਹਿਲਾ ਪੁਲਿਸ ਮੁਲਾਜ਼ਮ ਚਰਨਜੀਤ ਕੌਰ , ਗੁਰਮੇਲ ਸਿੰਘ ਕਮਾਂਡੋ , ਨਸ਼ਾ ਰੋਕੂ ਕਮੇਟੀ ਸ਼ੇਰਪੁਰ ਦੇ ਪ੍ਰਬੰਧਕ ਬਲਵਿੰਦਰ ਸਿੰਘ ਬਿੰਦਾ ਖੇੜੀ ਅਤੇ ਸੰਦੀਪ ਸਿੰਘ ਗੋਪੀ ਗਰੇਵਾਲ ਸ਼ੇਰਪੁਰ , ਸਮੂਹ ਮੈਂਬਰ ਨਸ਼ਾ ਰੋਕੂ ਕਮੇਟੀ , ਮਾ. ਹਰਬੰਸ ਸਿੰਘ ਸ਼ੇਰਪੁਰ, ਐਡਵੋਕੇਟ ਰਮੇਸ਼ ਕੁਮਾਰ ਗੁਪਤਾ , ਸਾਬਕਾ ਸਰਪੰਚ ਰਣਜੀਤ ਸਿੰਘ ਧਾਲੀਵਾਲ , ਡਾ ਰਣਜੀਤ ਸਰਪੰਚ ਕਾਲਾਬੂਲਾ , ਸਾਬਕਾ ਸਰਪੰਚ ਹਰਬੰਸ ਸਿੰਘ ਖੇੜੀ , ਨਛੱਤਰ ਸਿੰਘ ਖੇੜੀ , ਪ੍ਰਧਾਨ ਸੁਖਦੇਵ ਸਿੰਘ ਦਿਓਸੀ, ਜਗਰੂਪ ਸਿੰਘ ਐਸ.ਡੀ.ਓ, ਮਾ ਜੋਗਿੰਦਰ ਸਿੰਘ ਨਾਗ, ਡਾ. ਕਰਨ ਵੀਰ ਸਿੰਘ, ਜਸਮੇਲ ਸਿੰਘ ਬੜੀ , ਬਹਾਦਰ ਸਿੰਘ ਸਾਬਕਾ ਪੰਚ , ਇੰਦਰਜੀਤ ਬੜੀ , ਸੰਦੀਪ ਗਰੇਵਾਲ , ਭੁਪਿੰਦਰ ਸਿੰਘ ਧੀਮਾਨ, ਜਗਰੂਪ ਸਿੰਘ ਪੰਚ, ਕਾਮਰੇਡ ਹਰਗੋਬਿੰਦ , ਪਿਆਰਾ ਸਿੰਘ ਮਾਹਮਦਪੁਰ, ਵਰੁਣ ਕੁਮਾਰ ਤਾਸ਼ੂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵੱਖ ਵੱਖ ਪਿੰਡਾਂ ਦੇ ਪੰਚ ਸਰਪੰਚ ਨੰਬਰਦਾਰ ਕਲੱਬਾਂ ਦੇ ਆਗੂ ਅਤੇ ਪਤਵੰਤੇ ਹਾਜ਼ਰ ਸਨ ।ਸੈਮੀਨਾਰ ਦੌਰਾਨ ਸਟੇਜ ਸੰਚਾਲਨ ਸਿਕੰਦਰ ਗਿੱਲ ਢੁਡੀਕੇ ਵੱਲੋਂ ਆਪਣੀ ਜ਼ਿੰਦਗੀ ਦੀਆਂ ਖੱਟੀਆਂ ਮਿਠੀਆਂ ਯਾਦਾਂ ਨਾਲ ਬਾਖੂਬੀ ਨਿਭਾਈ ।



# .ਫਲਿਪਕਾਰਟ ਦੀ ਸਪਲਾਈ ਚੇਨ ਓਪਰੇਸ਼ਨਜ਼ ਅਕੈਡਮੀ (ਐੱਸਸੀਓਏ) ਨੇ 2025 ਤੱਕ 16,000 ਲੋਕਾਂ ਦੇ ਕੌਸ਼ਲ ਵਿਕਾਸ ਦੀ ਯੋਜਨਾ ਬਣਾਈ

ਅੰਮ੍ਰਿਤਸਰ - (ਲੋਕ ਬਾਣੀ) ਫਲਿੱਪਕਾਰਟ ਨੇ 2021 ਵਿੱਚ ਸਪਲਾਈ ਚੇਨ ਓਪਰੇਸ਼ਨਜ਼ ਅਕੈਡਮੀ (ਐਸਸੀਓਏ) ਦੀ ਸਥਾਪਨਾ ਕੀਤੀ ਸੀ, ਜੋ ਨੌਜਵਾਨਾਂ ਨੂੰ ਈ-ਕਾਮਰਸ ਸਪਲਾਈ ਚੇਨ ਸੈਕਟਰ ਵਿੱਚ ਕੰਮ ਕਰਨ ਲਈ ਪ੍ਰਸ਼ਿਕਸ਼ਣ ਅਤੇ ਸਰਟੀਫਿਕੇਟ ਪ੍ਰਦਾਨ ਕਰਦੀ ਹੈ। ਇਹ ਅਕੈਡਮੀ ਸਥਾਨਕ ਖੇਤਰਾਂ ਦੇ ਪਿੱਛੜੇ ਸਮੁਦਾਇਕ ਨੌਜਵਾਨਾਂ ਨੂੰ ਨਿਸ਼ੁਲਕ ਅਤੇ ਉਦਯੋਗ ਅਨੁਕੂਲ ਪ੍ਰਸ਼ਿਕਸ਼ਣ ਪ੍ਰਦਾਨ ਕਰਦੀ ਹੈ, ਜਿਹੜਾ ਉਨ੍ਹਾਂ ਨੂੰ ਤੇਜ਼ੀ ਨਾਲ ਵੱਧ ਰਹੇ ਈ-ਕਾਮਰਸ ਖੇਤਰ ਵਿੱਚ ਸਫਲ ਹੋਣ ਅਤੇ ਸਥਾਨਕ ਸਪਲਾਈ ਚੇਨ ਇਕੋਸਿਸਟਮ ਨੂੰ ਮਜ਼ਬੂਤ ਕਰਨ ਯੋਗ ਬਣਾਉਂਦਾ ਹੈ। 2024 ਵਿੱਚ, ਐਸਸੀਓਏ ਨੇ 3,000 ਤੋਂ ਵੱਧ ਵਿਅਕਤੀਆਂ ਨੂੰ ਪ੍ਰਸ਼ਿਕਸ਼ਿਤ ਕੀਤਾ, ਜਿਨ੍ਹਾਂ ਵਿੱਚ 20% ਤੋਂ ਵੱਧ ਮਹਿਲਾਵਾਂ ਸ਼ਾਮਲ ਹਨ। ਇਹ ਅੰਕੜੇ ਫਲਿੱਪਕਾਰਟ ਦੀ ਵਿਵਿਧਤਾ ਅਤੇ ਸਮਾਵੇਸ਼ਤਾ ਵੱਲ ਵਧ ਰਹੀ ਪ੍ਰਤੀਬੱਧਤਾ ਨੂੰ ਦਰਸਾਉਂਦੇ ਹਨ। ਇਸ ਪ੍ਰੋਗਰਾਮ ਵਿੱਚ ਭਾਗ ਲੈਣ ਵਾਲਿਆਂ ਨੂੰ 45 ਦਿਨਾਂ ਦੇ ਹੈਂਡਜ਼-ਆਨ ਤਜਰਬੇ ਅਤੇ ਆਨਲਾਈਨ ਕਲਾਸਰੂਮ ਸੈਸ਼ਨਾਂ ਰਾਹੀਂ ਰੀਅਲ-ਵਰਲਡ ਓਪਰੇਸ਼ਨਲ ਸਕਿਲਸ ਸਿਖਾਏ ਜਾਂਦੇ ਹਨ।




ਇਹ ਵਿਸ਼ੇਸ਼ ਪ੍ਰੋਗਰਾਮ ਸਥਾਨਕ ਨੌਜਵਾਨਾਂ, ਮਹਿਲਾਵਾਂ, ਵਿਸ਼ੇਸ਼ ਜ਼ਰੂਰਤਾਂ ਵਾਲੇ ਲੋਕਾਂ, ਸੈਨਿਕਾਂ ਅਤੇ ਟ੍ਰਾਂਸਜੈਂਡਰ ਭਾਈਚਾਰੇ ਦੇ ਲੋਕਾਂ ਤੱਕ ਪਹੁੰਚਣ ਤੇ ਜ਼ੋਰ ਦੇਂਦਾ ਹੈ ਅਤੇ ਉਨ੍ਹਾਂ ਨੂੰ ਈ-ਕਾਮਰਸ ਖੇਤਰ ਵਿੱਚ ਰੋਜ਼ਗਾਰ ਯੋਗ ਬਣਾਉਂਦਾ ਹੈ।

ਫਲਿਪਕਾਰਟ ਦੇ ਸੀਨੀਅਰ ਵਾਈਸ ਪ੍ਰੇਸੀਡੈਂਟ ਅਤੇ ਸਪਲਾਈ ਚੇਨ, ਗ੍ਰਾਹਕ ਅਨੁਭਵ ਅਤੇ ਰੀ-ਕਾਮਰਸ ਦੇ ਮੁਖੀ ਹੇਮੰਤ ਬਦਰੀ ਨੇ ਕਿਹਾ ਕਿ ਫਲਿਪਕਾਰਟ ਲੱਖਾਂ ਸਥਾਨਕ ਕੰਪਨੀਆਂ ਨੂੰ ਉਨ੍ਹਾਂ ਦੇ ਈ-ਕਾਮਰਸ ਯਾਤਰਾ ਵਿੱਚ ਯੋਗਦਾਨ ਪਾਉਣ ਅਤੇ ਦੇਸ਼ ਦੇ ਸਮਾਵੇਸ਼ੀ ਵਿਕਾਸ ਵਿੱਚ ਭਾਗੀਦਾਰ ਬਣਨ ਲਈ ਪ੍ਰਤਿਬੱਧ ਹੈ। ਸਪਲਾਈ ਚੇਨ ਓਪਰੇਸ਼ਨਸ ਅਕੈਡਮੀ (ਐਸਸੀਓਏ) ਦਾ ਉਦੇਸ਼ ਵਿਦਿਆਰਥੀਆਂ ਅਤੇ ਸੰਭਾਵੀ ਪੇਸ਼ੇਵਰਾਂ ਨੂੰ ਈ-ਕਾਮਰਸ, ਰਿਟੇਲ ਅਤੇ ਵੇਅਰਹਾਊਸਿੰਗ ਸੈਕਟਰ ਵਿੱਚ ਕੰਮ ਕਰਨ ਲਈ ਜਰੂਰੀ ਹੁਨਰ ਪ੍ਰਦਾਨ ਕਰਨਾ ਹੈ। ਇਹ ਪਹਿਲ ਭਾਰਤੀ ਯੁਵਾਂ ਨੂੰ ਤੇਜੀ ਨਾਲ ਵਧ ਰਹੇ ਈ-ਕਾਮਰਸ ਸੈਕਟਰ ਲਈ ਲੋੜੀਂਦੇ ਹੁਨਰ ਪ੍ਰਦਾਨ ਕਰਨ ਲਈ ਸਮਰਪਿਤ ਹੈ। ਇਹ ਪ੍ਰੋਗਰਾਮ ਨਾ ਸਿਰਫ ਲੋਕਾਂ ਦੀ ਜ਼ਿੰਦਗੀਆਂ ਵਿੱਚ ਬਦਲਾਅ ਲਿਆ ਰਹਾ ਹੈ, ਬਲਕਿ ਪ੍ਰਸ਼ਿਕਸ਼ਿਤ ਵਰਕਫੋਰਸ ਦੀ ਤਤਕਾਲ ਜ਼ਰੂਰਤ ਨੂੰ ਪੂਰਾ ਕਰਦੇ ਹੋਏ ਇਸ ਉਦਯੋਗ ਦੇ ਭਵਿੱਖ ਨੂੰ ਵੀ ਰੂਪ ਦੇ ਰਿਹਾ ਹੈ।

# ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰੇ ਸਾਹਿਬਜਾਦਿਆ ਅਤੇ ਮਾਤਾ ਗੁਜਰੀ ਜੀ ਦੇ ਸ਼ਹੀਦੀ ਦਿਵਸ ਅਤੇ ਚਮਕੌਰ ਗੜ੍ਹੀ ਦੇ ਸ੍ਰੂਮਣੀ ਸ਼ਹੀਦ ਬਾਬਾ ਸੰਗਤ ਸਿੰਘ ਜੀ ਦੇ ਸ਼ਹੀਦੀ ਦਿਵਸ ਦੇ ਸਬੰਧ ਵਿੱਚ ਮਹਾਨ ਗੁਰਮਤਿ ਸਮਾਗਮ 22 ਦਸੰਬਰ ਨੂੰ



ਫਗਵਾੜਾ : ਸੁਸ਼ੀਲ ਸ਼ਰਮਾ )ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ ਅਤੇ ਬਾਬਾ ਸੰਗਤ ਸਿੰਘ ਖਾਲਸਾ ਦਲ(ਰਜ਼ਿ)ਪੰਜਾਬ ਵਲੋਂ ਸਮੂਹ ਇਲਾਕਾ ਨਿਵਾਸੀ ਸਾਧ ਸੰਗਤ ਦੇ ਭਰਭੂਰ ਸਹਿਯੋਗ ਨਾਲ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰੇ ਸਾਹਿਬਜਾਦਿਆ ਅਤੇ ਮਾਤਾ ਗੁਜਰੀ ਜੀ ਦੇ ਸ਼ਹੀਦੀ ਦਿਵਸ ਅਤੇ ਚਮਕੌਰ ਗੜ੍ਹੀ ਦੇ ਸ੍ਰੂਮਣੀ ਸ਼ਹੀਦ ਬਾਬਾ ਸੰਗਤ ਸਿੰਘ ਜੀ ਦੇ ਸ਼ਹੀਦੀ ਦਿਵਸ ਦੇ ਸਬੰਧ ਵਿੱਚ ਮਹਾਨ ਗੁਰਮਤਿ ਸਮਾਗਮ 22 ਦਸੰਬਰ ਦਿਨ ਐਤਵਾਰ ਨੂੰ ਸਵੇਰੇ 10-00 ਵਜੇ ਤੋਂ ਰਾਤ 8-00 ਵਜੇ ਤੱਕ ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ ਫਗਵਾੜਾ ਵਿਖੇ ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ । ਸ. ਨਰਿੰਦਰ ਸਿੰਘ ਮੈਨੇਜਰ ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ ਨੇ ਦੱਸਿਆ ਇਸ ਸਮਾਗਮ ਵਿੱਚ ਭਾਈ ਸੁਖਜੀਤ ਸਿੰਘ ਬਾਬਾ ਬਕਾਲਾ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਵਾਲੇ , ਭਾਈ ਲਵਪ੍ਰੀਤ ਸਿੰਘ ਭੰਗੂ ਫਿਲੌਰ ਵਾਲੇ ,ਭਾਈ ਗੁਰਨਾਮ ਸਿੰਘ ਰਟੈਂਡਾ ਢਾਡੀ ਜਥਾ ,ਭਾਈ ਬਲਵਿੰਦਰ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ ,ਗਿਆਨੀ ਕੇਵਲ ਸਿੰਘ,ਭਾਈ ਸ਼ਮਸ਼ੇਰ ਸਿੰਘ ਆਦਿ ਜਥੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਅਤੇ ਢਾਡੀ ਵਾਰਾਂ ਨਾਲ ਨਿਹਾਲ ਕਰਨਗੇ ।ਇਸ ਸਮਾਗਮ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਹਨ । ਸਮਾਗਮ ਨੂੰ ਸਫਲ ਕਰਨ ਲਈ ਦਲ ਦੇ ਮੈਂਬਰਾਂ ਦੀਆਂ ਡਿਊਟੀਆਂ ਲਗਵਾ ਦਿੱਤੀਆਂ ਹਨ । ਇਲਾਕੇ ਦੀਆਂ ਸੰਗਤਾਂ ਵਿੱਚ ਸਮਾਗਮ ਲਈ ਭਾਰੀ ਉਤਸ਼ਾਹ ਹੈ ।ਸੰਗਤਾਂ ਲਈ ਗੁਰੂ ਕਾ ਲੰਗਰ ਅਤੁੱਟ ਵਰਤੇਗਾ ।ਬਾਬਾ ਸੰਗਤ ਸਿੰਘ ਖਾਲਸਾ ਦਲ(ਰਜ਼ਿ) ਪੰਜਾਬ ਮੀਤ ਪ੍ਰਧਾਨ ਸ.ਜਤਿੰਦਰ ਸਿੰਘ ਖਾਲਸਾ ਅਤੇ ਪ੍ਰੈਸ ਸਕੱਤਰ ਮਨਦੀਪ ਸਿੰਘ ਸੰਧੂ ਨੇ ਸੰਗਤਾਂ ਨੂੰ ਸਮਾਗਮ ਵਿੱਚ ਵੱਧ ਚੜ੍ਹ ਕੇ ਪਹੁੰਚਣ ਦੀ ਅਪੀਲ ਕੀਤੀ ਹੈ ।

# ਛੀਨਾ ਨੇ ਖਾਲਸਾ ਕਾਲਜ ਇੰਜੀਨੀਅਰਿੰਗ ਵਿਖੇ ਸਾਈਬਰ-ਭੌਤਿਕ ਪ੍ਰਣਾਲੀਆਂ ਦੇ ਹੁਨਰ ਨੂੰ ਵਧਾਉਣ ਲਈ 'ਅਵਧ-ਸੀ. ਪੀ. ਐੱਸ.' ਲੈਬ ਦਾ ਕੀਤਾ ਉਦਘਾਟਨ

ਅੰਮ੍ਰਿਤਸਰ, (ਲੋਕ ਬਾਣੀ)–ਖਾਲਸਾ ਕਾਲਜ ਆਫ਼ ਇੰਜੀਨੀਅਰਿੰਗ ਅਤੇ ਟੈਕਨਾਲੋਜੀ, ਰਣਜੀਤ ਐਵੀਨਿਊ ਵਿਖੇ ਇੰਡੀਅਨ ਇੰਸਟੀਚਿਊਟ ਆਫ਼ ਟੈਕਨਾਲੋਜੀ, ਰੋਪੜ ਦੇ ਸਹਿਯੋਗ ਨਾਲ ਤਕਨੀਕੀ ਸਿੱਖਿਆ ਅਤੇ ਖੋਜ ਸਬੰਧੀ ਏ. ਡਬਲਯੂ. ਏ. ਡੀ. ਐੱਚ. ਸੀ. ਪੀ. ਐੱਸ. (ਅਵਧ-ਸੀ. ਪੀ. ਐੱਸ.) ਲੈਬ ਦਾ ਉਦਘਾਟਨ ਖ਼ਾਲਸਾ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਵੱਲੋਂ ਕੀਤਾ ਗਿਆ। ਉਕਤ ਲੈਬ ਦਾ ਮੁੱਖ ਉਦੇਸ਼ ਸਾਈਬਰ-ਫਿਜ਼ੀਕਲ ਸਿਸਟਮ (ਸੀ. ਪੀ. ਐੱਸ.) ਦੇ ਉੱਭਰ ਰਹੇ ਖੇਤਰ 'ਚ ਸਿੱਖਿਆ, ਹੱਥੀਂ ਹੁਨਰ ਵਿਕਾਸ ਅਤੇ ਨਵੀਨਤਾ ਨੂੰ ਉਤਸ਼ਾਹਿਤ ਕਰਨਾ ਹੈ।

ਇਸ ਮੌਕੇ ਸ: ਛੀਨਾ ਨੇ ਸੰਬੋਧਨ ਕਰਦਿਆਂ ਕਾਲਜ ਅਤੇ ਆਈ. ਆਈ. ਟੀ. ਦੇ ਸਹਿਯੋਗ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਲੈਬ ਦੀ ਸਥਾਪਨਾ ਵਿਦਿਆਰਥੀਆਂ ਨੂੰ ਵਿਹਾਰਕ, ਉਦਯੋਗ-ਸਬੰਧਿਤ ਹੁਨਰ ਵਿਕਾਸ ਦੇ ਯਤਨਾਂ ਨੂੰ ਵਧਾਉਣ ਲਈ ਇਕ ਮਹੱਤਵਪੂਰਨ ਮੀਲ ਪੱਥਰ ਸਾਬਿਤ ਹੋਵੇਗੀ। ਉਨ੍ਹਾਂ ਨੇ ਅੱਜ ਤੇਜ਼ੀ ਨਾਲ ਵਿਕਸਿਤ ਹੋ ਰਹੇ ਟੈਕਨੋਲੋਜੀ ਲੈਂਡਸਕੇਪ 'ਚ ਸਾਈਬਰ-ਭੌਤਿਕ ਪ੍ਰਣਾਲੀਆਂ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਇਹ ਲੈਬ ਨਵੀਨਤਾ ਅਤੇ ਖੋਜ ਲਈ ਇੱਕ ਲਾਂਚ ਪੈਡ ਵਜੋਂ ਕੰਮ ਕਰੇਗੀ। ਉਨ੍ਹਾਂ ਨੇ ਭਵਿੱਖ ਦੀਆਂ ਮੰਗਾਂ ਨੂੰ ਪੂਰਾ ਕਰਨ ਲਈ ਤਿਆਰ ਇੱਕ ਹੁਨਰਮੰਦ ਪ੍ਰੋਫੈਸ਼ਨਲ ਬਣਾਉਣ ਲਈ ਅਕਾਦਮਿਕ ਅਤੇ ਉਦਯੋਗ ਦੇ ਵਿਚਕਾਰ ਸਹਿਯੋਗੀ ਯਤਨਾਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਵਿਦਿਆਰਥੀਆਂ ਅਤੇ ਖੋਜਕਰਤਾਵਾਂ ਨੂੰ ਪ੍ਰਯੋਗਸ਼ਾਲਾ 'ਚ ਅਤਿ-ਆਧੁਨਿਕ ਸਹੂਲਤਾਂ ਦਾ ਪੂਰਾ ਲਾਭ ਉਠਾਉਣ ਲਈ ਉਤਸ਼ਾਹਿਤ ਕੀਤਾ।

ਇਸ ਮੌਕੇ ਵਿਸ਼ੇਸ਼ ਮਹਿਮਾਨ ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ ਸਾਬਕਾ ਕਾਰਜਕਾਰੀ ਡਾਇਰੈਕਟਰ ਡਾ: ਜਤਿੰਦਰ ਕੌਰ ਨੇ ਅੱਜ ਦੇ ਤਕਨੀਕੀ ਦ੍ਰਿਸ਼ਟੀਕੋਣ 'ਚ ਸੀਪੀਐਸ ਦੀ ਮਹੱਤਤਾ ਬਾਰੇ ਜਾਣਕਾਰੀ ਪ੍ਰਦਾਨ ਕੀਤੀ। ਉਨ੍ਹਾਂ ਨੇ ਇਸ ਖੇਤਰ 'ਚ ਵਿੱਦਿਅਕ ਲੈਂਡਸਕੇਪ ਨੂੰ ਬਦਲਣ ਲਈ ਲੈਬ ਦੀ ਸਮਰੱਥਾ ਨੂੰ ਉਜਾਗਰ ਕਰਦਿਆਂ ਅਜੋਕੇ ਤਕਨੀਕੀ ਵਾਤਾਵਰਣ ਪ੍ਰਣਾਲੀ 'ਚ ਆਈ. ਓ. ਟੀ. ਤਕਨਾਲੋਜੀਆਂ ਅਤੇ ਸਾਈਬਰ-ਭੌਤਿਕ ਪ੍ਰਣਾਲੀਆਂ ਦੇ ਵੱਧ ਰਹੇ ਮਹੱਤਵ ਸਬੰਧੀ ਵਿਚਾਰ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਦੇ ਵਿਗਿਆਨ ਅਤੇ ਤਕਨਾਲੋਜੀ ਵਿਭਾਗ ਦੁਆਰਾ ਇਕ ਪਹਿਲਕਦਮੀ, ਅੰਤਰ-ਅਨੁਸ਼ਾਸਨੀ ਸਾਈਬਰ-ਭੌਤਿਕ ਪ੍ਰਣਾਲੀਆਂ 'ਤੇ ਰਾਸ਼ਟਰੀ ਮਿਸ਼ਨ ਦੇ ਤਹਿਤ ਲੈਬ ਦਾ ਉਦਘਾਟਨ ਕੀਤਾ ਗਿਆ। ਇਹ ਸਿੱਖਿਆ, ਖੋਜ, ਪ੍ਰੋਟੋਟਾਈਪਿੰਗ, ਟੈਸਟਿੰਗ ਅਤੇ ਸਹਿਯੋਗ ਲਈ ਇੱਕ ਪਲੇਟਫਾਰਮ ਵਜੋਂ ਕੰਮ ਕਰਨ ਲਈ ਤਿਆਰ ਕੀਤਾ ਗਿਆ ਹੈ, ਜਿਸਦਾ ਉਦੇਸ਼ ਸੀਪੀਐਸ ਤਕਨਾਲੋਜੀਆਂ ਨੂੰ ਵਿਭਿੰਨ ਖੇਤਰਾਂ ਅਤੇ ਰੋਜ਼ਾਨਾ ਦੀਆਂ ਗਤੀਵਿਧੀਆਂ 'ਚ ਏਕੀਕ੍ਰਿਤ ਕਰਨਾ ਹੈ।

ਰੋਜ਼ਾਨਾ ਲੋਕ ਬਾਣੀ
www.lokbani

ਇਸ ਤੋਂ ਪਹਿਲਾਂ ਸਮਾਗਮ ਦੀ ਸ਼ੁਰੂਆਤ ਫੁੱਲਾਂ ਦੀ ਵਰਖਾ ਤੋਂ ਬਾਅਦ ਸ਼ਮ੍ਹਾਂ ਰੌਸ਼ਨ ਕਰਕੇ ਕੀਤੀ ਗਈ। ਉਪਰੰਤ ਕਾਲਜ ਡਾਇਰੈਕਟਰ ਡਾ: ਮੰਜੂ ਬਾਲਾ ਨੇ ਸ: ਛੀਨਾ, ਡਾ: ਜਤਿੰਦਰ ਕੌਰ ਤੋਂ ਇਲਾਵਾ ਆਈ. ਆਈ. ਟੀ., ਰੋਪੜ (ਟੀ. ਆਈ. ਐਫ਼.) ਦੇ ਮੁੱਖ ਕਾਰਜਕਾਰੀ ਅਧਿਕਾਰੀ ਡਾ. ਰਾਧਿਕਾ ਤ੍ਰਿਖਾ, ਸੀਨੀਅਰ ਮੈਨੇਜਰ ਸ਼੍ਰੀ ਆਤਿਫ ਜਮਾਲ, ਪ੍ਰੋਜੈਕਟ ਮੈਨੇਜਰ ਸ਼੍ਰੀ ਦੇਸ ਰਾਜ ਧੀਮਾਨ, ਫਰਮਵੇਅਰ ਇੰਜੀਨੀਅਰ ਸ਼੍ਰੀ ਆਸ਼ੂਤੋਸ਼ ਕੁਮਾਰ, ਹਾਰਡਵੇਅਰ ਇੰਜੀਨੀਅਰ ਸ਼੍ਰੀ ਵਿਕਾਸ ਕੁਮਾਰ, ਪ੍ਰੋਗਰਾਮ ਮੈਨੇਜਰ ਸ੍ਰੀਮਤੀ ਪੈਰੀ ਸੂਦ ਅਤੇ ਯੰਗ ਪ੍ਰੋਫੈਸ਼ਨਲ ਸ੍ਰੀਮਤੀ ਸੋਨੀਆ ਸ਼ਰਮਾ ਨੂੰ ਫੁੱਲਾਂ ਦਾ ਗੁਲਦਸਤਾ ਭੇਂਟ ਕਰਕੇ ਸਵਾਗਤ ਕੀਤਾ।



ਇਸ ਮੌਕੇ ਡਾ. ਬਾਲਾ ਨੇ ਸਾਈਬਰ-ਭੌਤਿਕ ਪ੍ਰਣਾਲੀਆਂ 'ਚ ਅਵਧ-ਸੀ. ਪੀ. ਐੱਸ. ਲੈਬ ਦੀ ਮਹੱਤਤਾ ਅਤੇ ਇਸ ਖੇਤਰ 'ਚ ਨਵੀਨਤਾ ਦੀ ਸੰਭਾਵਨਾ ਨੂੰ ਉਜਾਗਰ ਕਰਦਿਆਂ ਕਿਹਾ ਕਿ ਆਈ. ਆਈ. ਟੀ. ਦੇ ਸਹਿਯੋਗ ਨਾਲ ਇਹ ਵਿਦਿਆਰਥੀਆਂ, ਖੋਜਕਰਤਾਵਾਂ ਅਤੇ ਸਟਾਰਟਅੱਪਸ ਨੂੰ ਸੀ. ਪੀ. ਐੱਸ. ਅਤੇ ਆਈ. ਓ. ਟੀ. ਤਕਨਾਲੋਜੀਆਂ ਦੇ ਖੇਤਰ ਸਬੰਧੀ ਇਕ ਪਲੇਟਫਾਰਮ ਪ੍ਰਦਾਨ ਕਰੇਗਾ। ਉਨ੍ਹਾਂ ਉਮੀਦ ਜਾਹਿਰ ਕਰਦਿਆਂ ਕਿਹਾ ਕਿ ਇਹ ਲੈਬ ਇੰਜੀਨੀਅਰਾਂ ਅਤੇ ਉੱਦਮੀਆਂ ਦੀ ਅਗਲੀ ਪੀੜ੍ਹੀ ਨੂੰ ਅਤਿ-ਆਧੁਨਿਕ ਹੁਨਰਾਂ ਨਾਲ ਢਾਲਣ ਲਈ ਇੱਕ ਮਹੱਤਵਪੂਰਨ ਸਰੋਤ ਵਜੋਂ ਕੰਮ ਕਰੇਗੀ।ਇਸ ਮੌਕੇ ਡਾ. ਤ੍ਰਿਖਾ ਨੇ ਕਾਲਜ ਦੇ ਅਕਾਦਮਿਕ ਪਾਠਕ੍ਰਮ 'ਚ ਸੀ. ਪੀ. ਐੱਸ. ਨੂੰ ਸ਼ਾਮਿਲ ਕਰਨ ਲਈ ਲੈਬ ਦੀ ਭੂਮਿਕਾ 'ਤੇ ਜ਼ੋਰ ਦਿੱਤਾ। ਉਨ੍ਹਾਂ ਦੱਸਿਆ ਕਿ ਕਿਵੇਂ ਇਹ ਸਹਿਯੋਗ ਫੈਕਲਟੀ, ਵਿਦਿਆਰਥੀਆਂ ਅਤੇ ਉਦਯੋਗ ਦੇ ਪੇਸ਼ੇਵਰਾਂ ਲਈ ਸਿਖਲਾਈ ਪ੍ਰੋਗਰਾਮਾਂ ਦੀ ਸਹੂਲਤ ਦੇਵੇਗਾ ਅਤੇ ਉਨ੍ਹਾਂ ਨੂੰ ਭਵਿੱਖ ਲਈ ਜ਼ਰੂਰੀ ਹੁਨਰਾਂ ਨਾਲ ਲੈਸ ਕਰੇਗਾ। ਉਨ੍ਹਾਂ ਕਿਹਾ ਕਿ ਲੈਬ ਆਈਆਈਟੀ ਦੁਆਰਾ ਵਿਕਸਿਤ ਅਡਵਾਂਸਡ ਆਈਓਟੀ ਕਿੱਟਾਂ ਨਾਲ ਲੈਸ ਹੈ, ਜੋ ਕਿ ਇੰਟਰਨੈਟ ਆਫ਼ ਥਿੰਗਜ਼ (ਆਈ. ਓ. ਟੀ.) ਲੈਂਡਸਕੇਪ ਦੇ ਨਾਲ ਪ੍ਰਯੋਗ ਕਰਨ ਲਈ 24/7 ਪਲੱਗ-ਐਂਡ-ਪਲੇ ਮੋਡੀਊਲ ਦੀ ਪੇਸ਼ਕਸ਼ ਕਰਦੀ ਹੈ। ਉਨ੍ਹਾਂ ਕਿਹਾ ਕਿ ਇਹ ਸੁਵਿਧਾਵਾਂ ਵਿਦਿਆਰਥੀਆਂ ਅਤੇ ਖੋਜਕਰਤਾਵਾਂ ਨੂੰ ਸਾਈਬਰ-ਭੌਤਿਕ ਪ੍ਰਣਾਲੀਆਂ ਅਤੇ ਆਈ. ਓ. ਟੀ. ਤਕਨਾਲੋਜੀਆਂ ਦੀ ਸੰਭਾਵਨਾ ਦੀ ਪੜਚੋਲ ਕਰਨ ਲਈ ਕੀਮਤੀ ਮੌਕੇ ਪ੍ਰਦਾਨ ਕਰਨਗੀਆਂ।

ਇਸ ਮੌਕੇ ਕਾਲਜ ਰਜਿਸਟਰਾਰ ਇੰਜ਼: ਬਿਕਰਮਜੀਤ ਸਿੰਘ ਨੇ ਧੰਨਵਾਦ ਮਤਾ ਪੇਸ਼ ਕੀਤਾ। ਇਹ ਸਮਾਗਮ ਅਵਧ-ਸੀ. ਪੀ. ਐੱਸ. ਲੈਬ ਦੇ ਵਿਸਤ੍ਰਿਤ ਦੌਰੇ ਦੇ ਨਾਲ ਜਾਰੀ ਰਿਹਾ, ਜਿਸ 'ਚ ਇਸ ਦੇ ਅਤਿ-ਆਧੁਨਿਕ ਸਰੋਤਾਂ ਨੂੰ ਪ੍ਰਦਰਸ਼ਿਤ ਕੀਤਾ ਗਿਆ। ਅਵਧ-ਸੀ. ਪੀ. ਐੱਸ. ਲੈਬ ਅੰਮ੍ਰਿਤਸਰ ਖੇਤਰ 'ਚ ਸੀ. ਪੀ. ਐੱਸ. ਹੁਨਰ ਲਈ ਇੱਕ ਮੁੱਖ ਕੇਂਦਰ ਬਣਨ ਲਈ ਤਿਆਰ ਹੈ। ਇਹ ਸਿਖਲਾਈ ਦੇਣ ਵਾਲਿਆਂ ਨੂੰ ਸਿਖਲਾਈ ਦੇਣ ਅਤੇ ਵਿਦਿਆਰਥੀਆਂ ਨੂੰ ਸਿਖਲਾਈ ਦੇਣ ਲਈ ਤਿਆਰ ਕੀਤੇ ਸਾਂਝੇ ਸਿਖਲਾਈ ਪ੍ਰੋਗਰਾਮਾਂ ਦੇ ਸਿਧਾਂਤਕ ਗਿਆਨ ਨੂੰ ਸੀ. ਪੀ. ਐੱਸ. 'ਚ ਹੱਥੀਂ ਅਨੁਭਵ ਦੇ ਨਾਲ ਜੋੜੇਗਾ ਕ ਦੀ ਪੇਸ਼ਕਸ਼ ਕਰੇਗਾ।

## ਗੁਰਦੁਆਰਾ ਨਾਨਕਸਰ ਸਾਹਿਬ ਵਿਖੇ ਗੁਰਮਤਿ ਕਥਾ ਸਮਾਗਮ 14 ਤੋਂ 18 ਦਸੰਬਰ ਤੱਕ

ਧੂਰੀ (ਲੋਕ ਬਾਣੀ)) ਪ੍ਰਬੱਧਕੀ ਟਰੱਸਟ ਗੁਰਦੁਆਰਾ ਸਾਹਿਬ ਨਾਨਕਸਰ ਸਾਹਿਬ ਤੇ ਸਮੂਹ ਧਾਰਮਿਕ ਜਥੇਬੰਦੀਆਂ ਅਤੇ ਸਮੂਹ ਗੁਰਸਿੱਖ ਨਾਨਕ ਨਾਮ ਲੇਵਾ ਸਾਧ ਸੰਗਤ ਧੂਰੀ ਵੱਲੋਂ ਸਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਸਾਹਿਬ ਨਾਨਕਸਰ ਸਾਹਿਬ ਧੂਰੀ ਵਿਖੇ ਗੁਰਮਤਿ ਕਥਾ ਸਮਾਗਮ 14 ਦਸੰਬਰ ਤੋਂ 18 ਦਸੰਬਰ ਤੱਕ ਰੋਜ਼ਾਨਾ ਸ਼ਾਮ 7 ਵਜੇ ਤੋਂ ਰਾਤ 9 - 30 ਵਜੇ ਤੱਕ ਕਰਵਾਇਆ ਜਾਵੇਗਾ । ਇਸ ਸਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਪ੍ਰਬੰਧਕੀ ਟਰੱਸਟ ਗੁਰਦੁਆਰਾ ਨਾਨਕਸਰ ਸਾਹਿਬ ਧੂਰੀ ਦੇ ਆਗੂ ਬੰਤ ਸਿੰਘ ਵਿਰਕ ਨੇ ਦੱਸਿਆ ਕਿ ਇਸ ਗੁਰਮਤਿ ਕਥਾ ਸਮਾਗਮ ਵਿੱਚ 14 ਦਸੰਬਰ ਨੂੰ ਭਾਈ ਗੁਰਪਾਲ ਸਿੰਘ ਵਿਦਿਆਰਥੀ ਟਕਸਾਲ ਬਾਬਾ ਗੁਰਸੇਵਕ ਸਿੰਘ ਖੰਨੇ ਵਾਲੇ , 15 ਦਸੰਬਰ ਨੂੰ ਜਸਵੰਤ ਸਿੰਘ ਸਾਬਕਾ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਿਰ ਸਾਹਿਬ ਜੀ ਸ੍ਰੀ ਮੁਕਤਸਰ ਸਾਹਿਬ , 16 ਦਸੰਬਰ ਨੂੰ ਪ੍ਰੋ ਸਰਬਜੀਤ ਸਿੰਘ ਧੂੰਦਾ ਸਿੱਖ ਮਿਸ਼ਨਰੀ ਕਾਲਜ ਲੁਧਿਆਣਾ , 17 ਦਸੰਬਰ ਨੂੰ ਗਿਆਨੀ ਅਮਰੀਕ ਸਿੰਘ ਚੰਡੀਗੜ੍ਹ ਵਾਲੇ ਅਤੇ 18 ਦਸੰਬਰ ਨੂੰ ਗਿਆਨੀ ਜਸਵਿੰਦਰ ਸਿੰਘ ਦਰਦੀ ਪ੍ਰਧਾਨ ਵਿਸ਼ਵ ਸਿੱਖ ਪ੍ਰਚਾਰਕ ਸੰਸਥਾ ਸ੍ਰੀ ਅਕਾਲਤਖ਼ਤ ਸਾਹਿਬ ਸੰਗਤਾਂ ਨੂੰ ਕਥਾ ਸੁਣਾ ਕੇ ਨਿਹਾਲ ਕਰਨਗੇ । ਉਨਾਂ ਗੁਰਮਤਿ ਕਥਾ ਸਮਾਗਮ ਵਿੱਚ ਸੰਗਤਾਂ ਨੂੰ ਵੱਡੀ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਕੀਤੀ ।

## ਲਾਇਨਜ਼ ਕਲੱਬ ਵੱਲੋਂ ਸਮਾਜ ਸੇਵੀ ਰਾਮ ਨਾਥ ਦਾ ਪਰਿਵਾਰ ਸਨਮਾਨਿਤ

ਡੇਰਾਬੱਸੀ, (ਲੋਕ ਬਾਣੀ)--ਲਾਇਨਜ਼ ਕਲੱਬ ਡੇਰਾਬਸੀ ਵੱਲੋਂ ਅੱਜ ਰਾਮ ਨਾਥ ਦੇ ਅੰਤਿਮ ਭੋਗ ਮੌਕੇ ਮਰਨ ਉਪਰੰਤ ਅੱਖਾਂ ਦਾਨ ਕਰਨ ਵਾਲੇ ਪਰਿਵਾਰ ਨੂੰ ਸਨਮਾਨਿਤ ਕੀਤਾ ਗਿਆ। ਵਰਨਣਯੋਗ ਹੈ ਕਿ 82 ਸਾਲਾ ਰਾਮ ਨਾਥ ਪੁੱਤਰ ਮੁਨਸ਼ੀ ਰਾਮ ਵਾਸੀ ਸ਼ਕਤੀ ਨਗਰ ਡੇਰਾਬਸੀ ਜਿਨ੍ਹਾਂ ਦਾ 29 ਨਵੰਬਰ ਨੂੰ ਦਿਹਾਂਤ ਹੋ ਗਿਆ ਸੀ, ਉਸ ਦੀਆਂ ਅੱਖਾਂ ਉਸ ਦੇ ਪਰਿਵਾਰਕ ਮੈਂਬਰਾਂ ਨੇ ਲਾਇਨਜ਼ ਕਲੱਬ ਦੀ ਪ੍ਰੇਰਨਾ ਸਦਕਾ ਦਾਨ ਕੀਤੀਆਂ ਸਨ, ਜਿਸ ਨਾਲ ਦੋ ਨੇਤਰਹੀਣਾਂ ਦੀ ਹਨੇਰੀ ਜ਼ਿੰਦਗੀ ਵਿਚ ਰੌਸ਼ਨੀ ਆਈ ਹੈ। ਕਲੱਬ ਨੇ ਰਾਮ ਨਾਥ ਦੇ ਪੁੱਤਰ ਸੰਜੀਵ ਕੁਮਾਰ ਸਮੇਤ ਉਨ੍ਹਾਂ ਦੇ ਪੂਰੇ ਪਰਿਵਾਰ ਨੂੰ ਸਨਮਾਨਿਤ ਕੀਤਾ।

ਇਸ ਮੌਕੇ ਲਾਇਨ ਉਪੇਸ਼ ਬਾਂਸਲ ਨੇ ਪਰਿਵਾਰ ਦਾ ਧੰਨਵਾਦ ਕੀਤਾ ਅਤੇ ਹਾਜ਼ਰ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਨੇਤਰਦਾਨ ਪ੍ਰਤੀ ਵੱਧ ਤੋਂ ਵੱਧ ਜਾਗਰੂਕ ਹੋਣ ਤਾਂ ਜੋ ਦ੍ਰਿਸ਼ਟੀਹੀਣ ਲੋਕਾਂ ਦੇ ਜੀਵਨ ਵਿੱਚ ਚਾਨਣ ਹੋ ਸਕੇ। ਆਖਰੀ ਭੋਗ ਹਨੂੰਮਾਨ ਮੰਦਰ ਸ਼ਕਤੀ ਨਗਰ ਵਿਖੇ ਪਾਇਆ ਗਿਆ ਜਿਸ ਵਿੱਚ ਵੱਡੀ ਗਿਣਤੀ ਵਿੱਚ ਲੋਕ ਰਾਮ ਨਾਥ ਨੂੰ ਸ਼ਰਧਾਂਜਲੀ ਦੇਣ ਪਹੁੰਚੇ। ਇਸ ਮੌਕੇ ਲਾਇਨਜ਼ ਕਲੱਬ ਦੇ ਪ੍ਰਧਾਨ



ਨਿਤਿਨ ਜਿੰਦਲ, ਲਾਇਨ ਬਲਕਾਰ ਸਿੰਘ, ਲਾਇਨ ਬਰਖਾ ਰਾਮ, ਲਾਇਨ ਰਵਿੰਦਰ ਸੈਣੀ, ਲਾਇਨ ਸੁਸ਼ੀਲ ਧੀਮਾਨ ਆਦਿ ਹਾਜ਼ਰ ਸਨ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
82880 21797
82880 21798
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements in Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS SINCE 1958
EDUCATIONAL 64 YEARS EXCELLENCE
MORE THAN •56 Colleges & Schools •200 Merit Positions •125 Companies For Placements •75 Academic Courses •2000 Placements In 2022 - 2023 •42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.*• Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB • PG DIPLOMA IN CYBER LAW
TEACHER / PHYSICAL EDUCATION
• BPES • B.Ed.• D.El.Ed.• B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565